ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 12 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੭ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ’ਚ ਵੱਡੀ ਵਾਰਦਾਤ, ਪਾਠੀ ਸਿੰਘ ਦਾ ਬੇਰਹਿਮੀ ਨਾਲ ਕਤਲ, ਇਲਾਕੇ ’ਚ ਫੈਲੀ ਦਹਿਸ਼ਤ

**ਰਈਆ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਕਸਬਾ ਰਈਆ ਦੇ ਨਜ਼ਦੀਕ ਪਿੰਡ ਮੱਧ ਦੇ ਨੌਜਵਾਨ ਪਾਠੀ ਸਿੰਘ



ਰਮਨਦੀਪ ਸਿੰਘ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਹੈ। ਇਸ ਵਾਰਦਾਤ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਫੈਲ ਗਈ ਹੈ। ਦੱਸ ਦੇਈਏ ਕਿ ਪਾਠੀ ਸਿੰਘ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਤੋਂ ਰਾਤ ਡਿਊਟੀ ਕਰ ਕੇ ਘਰ ਵਾਪਸ ਆ ਰਿਹਾ ਸੀ। ਇਸ ਦੌਰਾਨ ਅਣਪਛਾਤੇ ਵਿਅਕਤੀਆਂ ਨੇ ਉਸ ਨੂੰ ਘੇਰ ਲਿਆ ਅਤੇ ਤੇਜ਼ਧਾਰ ਹਥਿਆਰਾਂ ਨਾਲ ਉਸ ਦਾ ਕਤਲ ਕਰ ਦਿੱਤਾ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਸਥਾਨਕ ਪੁਲਿਸ ਵੀ ਮੌਕੇ ’ਤੇ ਪਹੁੰਚ ਗਈ। ਪੁਲਿਸ ਨੇ ਲਾਸ਼ ਨੂੰ ਕਬਜ਼ੇ ’ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਘਟਨਾ ਦੀ ਜਾਂਚ ਲਈ ਵੱਖ-ਵੱਖ ਟੀਮਾਂ ਨੂੰ ਬੁਲਾਇਆ ਹੈ। ਇਸ ਘਟਨਾ ਤੋਂ ਬਾਅਦ ਇਲਾਕੇ ’ਚ ਹਲਚਲ ਮੱਚ ਗਈ ਹੈ।

## ਕਿਸਾਨ ਅੰਦੋਲਨ ਫੈਲਦਾ ਵੇਖ ਐਕਸ਼ਨ ਮੋਡ ’ਚ ਮੋਦੀ ਸਰਕਾਰ

# ਰਾਤੋ-ਰਾਤ ਹੋਇਆ ‘ਡਿਜ਼ੀਟਲ ਅਟੈਕ’

**ਨਵੀਂ ਦਿੱਲੀ, 11 ਦਸੰਬਰ** (ਆਵਾਜ਼ਿ ਕੌਮ ਬਿਊਰੋ)-ਕਿਸਾਨ ਅੰਦੋਲਨ ਨੂੰ ਮਿਲ ਰਹੇ ਹੁੰਗਾਰੇ ਤੋਂ ਸਰਕਾਰ ਮੁੜ ਘਬਰਾਉਣ ਲੱਗੀ ਹੈ। ਇੱਕ ਪਾਸੇ ਹਰਿਆਣਾ ਸਰਕਾਰ ਨੇ ਖਨੌਰੀ ਤੇ ਸ਼ੰਭੂ ਬਾਰਡਰ ਉਪਰ ਹੋਰ ਸਖਤੀ ਕਰ ਦਿੱਤੀ ਹੈ ਤੇ ਦੂਜੇ ਪਾਸੇ ਕੇਂਦਰ ਸਰਕਾਰ ਨੇ ਕਿਸਾਨ ਜਥੇਬੰਦੀਆਂ ਉਪਰ ਡਿਜ਼ੀਟਲ ਹਮਲਾ ਕੀਤਾ ਹੈ। ਕਿਸਾਨਾਂ ਨੇ ਇਲਜ਼ਾਮ ਲਾਇਆ ਹੈ ਕਿ ਉਨ੍ਹਾਂ ਦੇ ਸੋਸ਼ਲ ਮੀਡੀਆ ਅਕਾਊਂਟ ਬਲੌਕ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਹਰਿਆਣਾ ਦੇ ਨਾਲ ਹੀ ਪੰਜਾਬ ਅੰਦਰ ਵੀ ਇੰਟਰਨੈੱਟ ਬੰਦ ਹੋਣ ਦੀਆਂ ਖਬਰਾਂ ਵੀ ਆ ਰਹੀਆਂ ਹਨ। ਦੱਸ ਦਈਏ ਕਿ ਪੰਜਾਬ ਤੇ ਹਰਿਆਣਾ ਦੀ ਸ਼ੰਭੂ ਸਰਹੱਦ ’ਤੇ ਪਿਛਲੇ 10 ਮਹੀਨਿਆਂ ਤੋਂ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੇ ਇੱਕ ਵਾਰ ਫਿਰ ਦਿੱਲੀ ਵੱਲ ਮਾਰਚ ਕਰਨ ਦਾ ਐਲਾਨ ਕੀਤਾ ਹੈ। ਇਸ ਲਈ 14 ਦਸੰਬਰ ਦਾ ਦਿਨ ਤੈਅ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਕਿਸਾਨ ਦੋ ਵਾਰ ਦਿੱਲੀ ਲਈ ਰਵਾਨਾ ਹੋਏ ਪਰ ਹਰਿਆਣਾ ਪੁਲਿਸ ਨੇ ਉਨ੍ਹਾਂ ਨੂੰ ਸਰਹੱਦ ਤੋਂ ਮੋੜ ਦਿੱਤਾ। ਸਰਕਾਰ ਨੂੰ ਖਦਸ਼ਾ ਹੈ ਕਿ ਇਸ ਵਾਰ ਕਿਸਾਨ ਬੈਰੀਕੇਡ ਤੋੜ ਕੇ ਅੱਗੇ ਵਧ ਸਕਦੇ ਹਨ। ਇਸ ਲਈ ਹਰਿਆਣਾ ਤੇ ਕੇਂਦਰ ਸਰਕਾਰਾਂ ਐਕਸ਼ਨ ਮੋਡ ਵਿੱਚ ਨਜ਼ਰ ਆ ਰਹੀਆਂ ਹਨ। ਕਿਸਾਨ ਜਥੇਬੰਦੀਆਂ ਦੇ ਸੋਸ਼ਲ ਮੀਡੀਆ ਅਕਾਊਂਟ ਬੰਦ ਹੋਣ ਲੱਗੇ ਹਨ। ਕਿਸਾਨ ਅੰਦੋਲਨ ਨਾਲ ਸਬੰਧਤ ਫੋਟੋਆਂ ਤੇ ਵੀਡੀਓਜ਼ ਆਪਣੇ ਸੋਸ਼ਲ ਮੀਡੀਆ ਅਕਾਊਂਟ (ਐਕਸ, ਫੇਸਬੁੱਕ ਅਤੇ ਇੰਸਟਾਗ੍ਰਾਮ) ’ਤੇ ਸ਼ੇਅਰ ਕਰਦੇ ਹਨ। ਕਿਸਾਨਾਂ ਦਾ ਦੋਸ਼ ਹੈ ਕਿ ਹੁਣ ਉਨ੍ਹਾਂ ਦੇ ਸੋਸ਼ਲ ਮੀਡੀਆ ਪੇਜ ਬੰਦ ਕੀਤੇ ਜਾ ਰਹੇ ਹਨ। ਇਸ ਨਾਲ ਪਹੁੰਚ ਵੀ ਘਟ ਗਈ ਹੈ। ਕਿਸਾਨ ਆਗੂ ਤੇਜਬੀਰ ਸਿੰਘ ਨੇ ਦੱਸਿਆ ਕਿ ਜਦੋਂ ਮੰਗਲਵਾਰ ਨੂੰ ਉਸ ਨੇ ਆਪਣੇ ਫੇਸਬੁੱਕ ਪੇਜ ’ਤੇ ਪੋਸਟ ਪਾਉਣੀ ਸ਼ੁਰੂ ਕੀਤੀ ਤਾਂ ਉਹ ਅਪਲੋਡ ਨਹੀਂ ਹੋਈ। ਫਿਰ ਉਨ੍ਹਾਂ ਨੂੰ ਪਤਾ ਲੱਗਾ ਕਿ ਫੇਸਬੁੱਕ ਪੇਜ ਬੰਦ ਹੋ ਗਿਆ ਹੈ। ਇਸ ਦੇ ਨਾਲ ਹੀ ਭਾਰਤੀ ਕਿਸਾਨ ਯੂਨੀਅਨ ਸ਼ਹੀਦ ਭਗਤ ਸਿੰਘ ਦਾ ਪੇਜ ਵੀ ਬੰਦ ਕਰ ਦਿੱਤਾ ਗਿਆ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਕੇਂਦਰ ਸਰਕਾਰ ਹੀ ਸਭ ਕੁਝ ਕਰ ਰਹੀ ਹੈ। ਮੰਗਲਵਾਰ ਨੂੰ ਹੀ ਲੋਕਾਂ ਨੂੰ ਕਿਸਾਨਾਂ ਦੇ ਸਮਰਥਨ ’ਚ ਸੋਸ਼ਲ ਮੀਡੀਆ ’ਤੇ ਪੋਸਟ ਸ਼ੇਅਰ ਕਰਨ ਲਈ ਕਿਹਾ ਗਿਆ ਸੀ। ਉਧਰ, ਦੂਜੇ ਪਾਸੇ ਹਰਿਆਣਾ ਪੁਲਿਸ ਕਿਸਾਨਾਂ ਦੇ ਪੰਡਾਲ ਤੋਂ ਕਰੀਬ 500 ਮੀਟਰ ਦੀ ਦੂਰੀ ’ਤੇ ਪੁਲ ’ਤੇ ਬਣੇ ਸ਼ੈੱਡ ਨੂੰ ਮਜ਼ਬੂਤ ਕਰ ਰਹੀ ਹੈ। ਛੱਤ ’ਤੇ ਲੋਹੇ ਦੇ ਐਂਗਲ ਲਗਾਏ ਗਏ ਹਨ ਤਾਂ ਜੋ ਕੋਈ ਉੱਪਰ ਨਾ ਚੜ੍ਹ ਸਕੇ।



## ਕਿਸਾਨ ਆਗੂ ਡੱਲੇਵਾਲ ਦਾ ਮਰਨ ਵਰਤ 16ਵੇਂ ਦਿਨ ਵੀ ਜਾਰੀ, ਲਗਾਤਾਰ ਘੱਟ ਰਿਹਾ ਵਜ਼ਨ ਚਿੰਤਾ ਦਾ ਵਿਸ਼ਾ, ਕਿਸੇ ਸਮੇਂ ਵੀ ਫੇਲ੍ਹ ਹੋ ਸਕਦੀ ਕਿਡਨੀ

**ਚੰਡੀਗੜ੍ਹ, 11 ਦਸੰਬਰ** (ਆਵਾਜ਼ਿ ਕੌਮ ਬਿਊਰੋ)-ਅੱਜ 16ਵੇਂ ਦਿਨ ਵੀ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਖਨੌਰੀ ਸਰਹੱਦ ’ਤੇ ਮਰਨ ਵਰਤ ਜਾਰੀ ਰਿਹਾ, ਡਾਕਟਰਾਂ ਨੇ ਮੈਡੀਕਲ ਬੁਲੇਟਿਨ ਜਾਰੀ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਭਾਰ 12 ਕਿਲੋ ਤੋਂ ਵੱਧ ਘੱਟ ਗਿਆ ਹੈ ਅਤੇ ਕਿਸੇ ਵੇਲੇ ਵੀ ਉਨ੍ਹਾਂ ਦੇ ਗੁਰਦੇ ਫੇਲ੍ਹ ਹੋ ਸਕਦੇ ਹਨ। ਦਿਲ ਦਾ ਦੌਰਾ ਪੈ ਸਕਦਾ ਹੈ ਜਾਂ ਜਿਗਰ ਨੂੰ ਗੰਭੀਰ ਨੁਕਸਾਨ ਹੋ ਸਕਦਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਦੇ ਸਮਰਥਨ ਵਿੱਚ 12 ਦਸੰਬਰ ਨੂੰ ਸਾਰੇ ਦੇਸ਼ ਵਾਸੀ ਆਪਣੇ ਘਰਾਂ ਵਿੱਚ ਸ਼ਾਮ ਦਾ ਖਾਣਾ ਨਾ ਬਣਾਉਣ ਅਤੇ ਆਪਣੇ ਪਰਿਵਾਰਾਂ ਨਾਲ ਫੋਟੋਆਂ ਵੀ ਸੋਸ਼ਲ ਮੀਡੀਆ ’ਤੇ #WeSupportJagjeetSinghDallewal ਨਾਲ ਸਾਂਝੀਆਂ ਕਰਨ। ਕਿਸਾਨ ਆਗੂਆਂ ਨੇ ਇਹ ਵੀ ਕਿਹਾ ਕਿ 13 ਦਸੰਬਰ ਨੂੰ ਸਮੂਹ ਦੇਸ਼ ਵਾਸੀ ਆਪੋ-ਆਪਣੇ ਪਿੰਡਾਂ ਵਿੱਚ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਪੁਤਲੇ ਫੂਕਣ, ਕਿਉਂਕਿ ਕੋਈ ਵੀ ਸਿਆਸੀ ਪਾਰਟੀ ਕਿਸਾਨਾਂ ਦੇ ਮਸਲਿਆਂ ਪ੍ਰਤੀ ਗੰਭੀਰ ਨਹੀਂ ਹੈ। ਕਿਸਾਨ ਆਗੂਆਂ ਨੇ ਅੱਗੇ ਦੱਸਿਆ ਕਿ ਅੱਜ ਦੇਸ਼ ਭਰ ਦੇ ਸਾਰੇ ਧਾਰਮਿਕ ਸਥਾਨਾਂ ’ਤੇ ਸਰਦਾਰ ਜਗਜੀਤ ਸਿੰਘ ਡੱਲੇਵਾਲ ਦੀ ਸਿਹਤਯਾਬੀ, ਮੋਰਚਿਆਂ ਦੀ ਤਾਕਤ ਅਤੇ ਜ਼ਖਮੀ ਕਿਸਾਨਾਂ ਦੀ ਤੰਦਰੁਸਤੀ ਲਈ ਅਰਦਾਸ ਕੀਤੀ ਗਈ। ਖਨੌਰੀ ਮੋਰਚੇ ’ਤੇ ਕਿਸਾਨਾਂ ਦੀ ਗਿਣਤੀ ’ਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ 13 ਦਸੰਬਰ ਨੂੰ ਨੌਜਵਾਨਾਂ ਅਤੇ ਔਰਤਾਂ ਦਾ ਵੱਡਾ ਜਥਾ ਮੋਰਚੇ ’ਚ ਪਹੁੰਚ ਜਾਵੇਗਾ।



## ਫਰਜ਼ੀ ਖਬਰਾਂ ’ਤੇ ਪਾਕਿਸਤਾਨੀ ਸਰਕਾਰ ਦੀ ਵੱਡੀ ਕਾਰਵਾਈ, 80 ਹਜ਼ਾਰ ਸਿਮ ਕਾਰਡ ਬਲਾਕ

**ਇਸਲਾਮਾਬਾਦ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਸਰਕਾਰ ਨੇ ਬੁੱਧਵਾਰ ਨੂੰ ਕਿਹਾ ਕਿ ਸੋਸ਼ਲ ਮੀਡੀਆ ਦੁਆਰਾ ਚਲਾਈਆਂ ਜਾ ਰਹੀਆਂ ਗਲਤ ਜਾਣਕਾਰੀਆਂ ਦੀਆਂ



ਚਿੰਤਾਵਾਂ ਦੇ ਵਿਚਕਾਰ ਜਾਅਲੀ ਖ਼ਬਰਾਂ ਫੈਲਾਉਣ ਲਈ ਪਾਕਿਸਤਾਨ ਦੇ ਅਧਿਕਾਰੀਆਂ ਨੇ ਲਗਭਗ 80,000 ਸਿਮ ਕਾਰਡਾਂ ਨੂੰ ਬਲਾਕ ਕਰ ਦਿੱਤਾ ਹੈ। ਕੈਬਨਿਟ ਡਿਵੀਜ਼ਨ ਦੇ ਸੰਸਦੀ ਸਕੱਤਰ ਸਾਜਿਦ ਮੇਹਦੀ ਨੇ ਨੈਸ਼ਨਲ ਅਸੈਂਬਲੀ ’ਚ, ਡਿਜੀਟਲ ਪਲੇਟਫਾਰਮਾਂ ’ਤੇ ਝੂਠੀਆਂ ਖ਼ਬਰਾਂ ਦੇ ਫੈਲਣ ਦੇ ਸਬੰਧ ਵਿੱਚ ਇੱਕ ਧਿਆਨ ਨੋਟਿਸ ਦੇ ਜਵਾਬ ’ਚ, ਇਲੈਕਟ੍ਰਾਨਿਕ ਅਪਰਾਧ ਰੋਕੂ ਕਾਨੂੰਨ (PECA), 2016 ਵਿੱਚ ਸੁਧਾਰਾਂ ਦੀ ਜ਼ਰੂਰਤ ਵੱਲ ਵੀ ਇਸ਼ਾਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜਾਅਲੀ ਖ਼ਬਰਾਂ ਦੇ ਮੁੱਦੇ ਨੂੰ ਬਿਹਤਰ ਢੰਗ ਨਾਲ ਨਜਿੱਠਣ ਉੱਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਕਾਨੂੰਨ ਵਿੱਚ ਸੋਧਾਂ ਨਾਲ ਝੂਠੀ ਜਾਣਕਾਰੀ ਦੇ ਪ੍ਰਸਾਰ ਨਾਲ ਸਬੰਧਤ ਕੇਸਾਂ ਦੀ ਸੁਣਵਾਈ ਵਿੱਚ ਤੇਜ਼ੀ ਆਵੇਗੀ। ਜਾਅਲੀ ਖ਼ਬਰਾਂ ਦਾ ਮੁੱਦਾ ਪਹਿਲਾਂ ਹੀ ਘਰੇਲੂ ਅਤੇ ਗਲੋਬਲ ਸ਼ਾਂਤੀ ਅਤੇ ਸਥਿਰਤਾ ਲਈ ਇੱਕ ਵੱਡੇ ਖਤਰੇ ਵਜੋਂ ਅੰਤਰਰਾਸ਼ਟਰੀ ਧਿਆਨ ਖਿੱਚ ਚੁੱਕਾ ਹੈ ਅਤੇ ਅਧਿਕਾਰੀਆਂ ਨੇ ਦਾਅਵਾ ਕੀਤਾ ਹੈ ਕਿ ਜੇਲ੍ਹ ਵਿੱਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਪਾਰਟੀ ਦੇ ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਪਾਕਿਸਤਾਨ ਨੇ ਚੁਣੌਤੀ ਦਾ ਸਾਹਮਣਾ ਕੀਤਾ ਹੈ। ਖਾਨ ਦੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ.ਟੀ.ਆਈ.) ਪਾਰਟੀ ਆਪਣੇ ਸੰਦੇਸ਼ਾਂ ਨੂੰ ਘਰ-ਘਰ ਪਹੁੰਚਾਉਣ ਲਈ ਸੋਸ਼ਲ ਮੀਡੀਆ ਦੀ ਵੱਡੇ ਪੱਧਰ ’ਤੇ ਵਰਤੋਂ ਕਰਦੀ ਹੈ, ਜਿਸ ਬਾਰੇ ਸਰਕਾਰ ਦਾ ਦਾਅਵਾ ਹੈ ਕਿ ਇਹ ਝੂਠੀ ਖਬਰ ਹੈ। ਇਸ ਦੌਰਾਨ, ਪਾਕਿਸਤਾਨੀ ਅਧਿਕਾਰੀਆਂ ਨੇ 26 ਨਵੰਬਰ ਨੂੰ ਇਸਲਾਮਾਬਾਦ ਵਿੱਚ ਪਾਰਟੀ ਵਰਕਰਾਂ ਦੀਆਂ ਹੱਤਿਆਵਾਂ ਬਾਰੇ ਸੋਸ਼ਲ ਮੀਡੀਆ ’ਤੇ ਫੌਜ ਵਿਰੁੱਧ ਸੰਦੇਸ਼ਾਂ ਦਾ ਪ੍ਰਚਾਰ ਕਰਨ ਦੇ ਦੋਸ਼ ਵਿੱਚ 150 ਸ਼ੱਕੀਆਂ ਉੱਤੇ ਮਾਮਲੇ ਦਰਜ ਕੀਤੇ ਤੇ ਉਨ੍ਹਾਂ ਵਿੱਚੋਂ 22 ਨੂੰ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਵਿਚੋਂ ਜ਼ਿਆਦਾਤਰ ਖਾਨ ਦੀ ਪਾਰਟੀ ਨਾਲ ਸਬੰਧਤ ਹਨ। ਮੇਹਦੀ ਨੇ ਕਿਹਾ ਕਿ ਸਰਕਾਰ ਦੇ ਸਰਗਰਮ ਕਦਮਾਂ, ਜਿਸ ਵਿੱਚ ਸਿਮ ਕਾਰਡਾਂ ਨੂੰ ਬਲਾਕ ਕਰਨਾ, ਕਾਨੂੰਨਾਂ ਵਿੱਚ ਸੋਧ ਕਰਨਾ ਅਤੇ ਇੱਕ ਸਾਂਝੀ ਟਾਸਕ ਫੋਰਸ ਦੀ ਸਥਾਪਨਾ ਸ਼ਾਮਲ ਹੈ, ਦਾ ਉਦੇਸ਼ ਜਾਅਲੀ ਖ਼ਬਰਾਂ ਦੇ ਨੁਕਸਾਨਦੇਹ ਪ੍ਰਭਾਵਾਂ ਨੂੰ ਘਟਾਉਣਾ ਹੈ। ਮੇਹਦੀ ਨੇ ਕਿਹਾ ਕਿ ਸਾਂਝੀ ਟਾਸਕ ਫੋਰਸ ਨੇ ਪਹਿਲਾਂ ਹੀ ਪ੍ਰਧਾਨ ਮੰਤਰੀ ਨੂੰ ਆਪਣੀ ਰਿਪੋਰਟ ਸੌਂਪ ਦਿੱਤੀ ਹੈ ਅਤੇ ਇਸ ਮੁੱਦੇ ਦੀ ਗੰਭੀਰਤਾ ਨੂੰ ਉਜਾਗਰ ਕੀਤਾ ਹੈ। ਟਾਸਕ ਫੋਰਸ ਦਾ ਚੱਲ ਰਿਹਾ ਕੰਮ ਇਸ ਮੁੱਦੇ ਨੂੰ ਹੱਲ ਕਰਨਾ ਜਾਰੀ ਰੱਖੇਗਾ। ਮੇਹਦੀ ਨੇ ਕਿਹਾ ਕਿ ਸਰਕਾਰ ਔਨਲਾਈਨ ਗਤੀਵਿਧੀਆਂ ਦੀ ਨਿਗਰਾਨੀ ਅਤੇ ਨਿਯੰਤਰਣ ਨੂੰ ਬਿਹਤਰ ਬਣਾਉਣ ਲਈ ਵਰਚੁਅਲ ਪ੍ਰਾਈਵੇਟ ਨੈਟਵਰਕ (ਵੀਪੀਐਨ) ਨੂੰ ਵੀ ਰਜਿਸਟਰ ਕਰ ਰਹੀ ਹੈ, ਅਤੇ ਵਿਸ਼ਵਾਸ ਪ੍ਰਗਟਾਇਆ ਕਿ ਇਹਨਾਂ ਯਤਨਾਂ ਨਾਲ ਜਾਅਲੀ ਖ਼ਬਰਾਂ ਦੇ ਪ੍ਰਸਾਰ ਨੂੰ ਰੋਕਣ ਵਿੱਚ ਸੁਧਾਰ ਹੋਵੇਗਾ।

## ਖਾਲਿਸਤਾਨ ਪੱਖੀਆਂ ਖਿਲਾਫ ਐਨ.ਆਈ.ਏ. ਦਾ ਪੰਜਾਬ ਤੇ ਹਰਿਆਣਾ ’ਚ ਵੱਡਾ ਐਕਸ਼ਨ, ਦਿਨ ਚੜ੍ਹਦਿਆਂ ਹੀ ਗੇਟਾਂ ’ਤੇ ਆ ਖੜ੍ਹੀ ਗਾਰਦ

**ਨਵੀਂ ਦਿੱਲੀ, 11 ਦਸੰਬਰ** (ਆਵਾਜ਼ਿ ਕੌਮ ਬਿਊਰੋ)-ਵਿਦੇਸ਼ਾਂ ਵਿੱਚ ਖਾਲਿਸਤਾਨ ਪੱਖੀਆਂ ਦੀ ਵਧਦੀਆਂ ਗਤੀਵਿਧੀਆਂ ਨੂੰ ਵੇਖਦਿਆਂ ਭਾਰਤੀ ਏਜੰਸੀਆਂ ਅਲਰਟ ਮੋਡ ਉਪਰ ਹਨ। ਇਸੇ ਤਹਿਤ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (NIA) ਨੇ ਅੱਜ ਹਰਿਆਣਾ ਤੇ ਪੰਜਾਬ ਵਿੱਚ ਵੱਡਾ ਐਕਸ਼ਨ ਕੀਤਾ ਹੈ। ਅੱਜ ਸਵੇਰੇ 5 ਵਜੇ ਹੀ ਐਨਆਈਏ ਦੀਆਂ ਟੀਮਾਂ ਨੇ ਦੋਵਾਂ ਸੂਬਿਆਂ ਅੰਦਰ ਕਈ ਥਾਈਂ ਰੇਡ ਕੀਤੀ। ਐਨਆਈਏ ਦੀਆਂ ਟੀਮਾਂ ਵੱਲੋਂ ਇਹ ਛਾਪੇਮਾਰੀ ਪੰਜਾਬ ਦੇ ਮੁਕਤਸਰ, ਬਠਿੰਡਾ ਤੇ ਮੋਗਾ ਫਿਰੋਜ਼ਪੁਰ ਕੇਂਦਰੀ ਜੇਲ੍ਹ ਵਿੱਚ ਕੀਤੀ ਗਈ। ਜੇਲ੍ਹ ’ਚ ਬੰਦ ਗੈਂਗਸਟਰਾਂ ਵੀ ਤੋਂ ਪੁੱਛਗਿੱਛ ਦੀ ਖਬਰ ਹੈ। ਇਸ ਤੋਂ ਇਲਾਵਾ ਹਰਿਆਣਾ ਦੇ ਪੰਜਾਬ ਨਾਲ ਲੱਗਦੇ ਡੱਬਵਾਲੀ ਦੇ ਇਲਾਕਿਆਂ ਵਿੱਚ ਵੀ ਛਾਪੇਮਾਰੀ ਕੀਤੀ ਗਈ।

ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (NIA) ਦੇ ਅਧਿਕਾਰੀਆਂ ਦੀ ਸੁਰੱਖਿਆ ਲਈ ਪੰਜਾਬ ਪੁਲਿਸ ਦੀਆਂ ਟੀਮਾਂ ਵੀ ਮੌਜੂਦ ਸਨ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਛਾਪੇਮਾਰੀ ਗੈਂਗਸਟਰਾਂ ਤੇ ਖਾਲਿਸਤਾਨੀਆਂ ਦੇ ਸਬੰਧਾਂ ਨੂੰ ਲੈ ਕੇ ਕੀਤੀ ਗਈ। ਮਾਨਸਾ ਵਿੱਚ ਐਨਆਈਏ ਨੂੰ ਵਿਸ਼ਾਲ ਸਿੰਘ (ਪਟਿਆਲਾ ਜੇਲ੍ਹ ਵਿੱਚ ਬੰਦ) ਤੇ ਮੇਸ਼ੀ ਬਾਕਸਰ (ਸਾਬਕਾ ਖਿਡਾਰੀ) ਦੇ ਖਾਲਿਸਤਾਨੀ ਅਰਸ਼ ਡੱਲਾ ਤੇ ਨਸ਼ਾ ਤਸਕਰਾਂ ਨਾਲ ਸਬੰਧ ਹੋਣ ਦਾ ਸ਼ੱਕ ਹੈ। ਇਸ ਤੋਂ ਇਲਾਵਾ ਬਠਿੰਡਾ ’ਚ NIA ਨੇ ਪਿੰਡ ਕੋਠਾ ਗੁਰੂ ਦੇ ਰਹਿਣ ਵਾਲੇ ਸੰਦੀਪ ਸਿੰਘ ਢਿੱਲੋਂ, ਬੌਬੀ ਵਾਸੀ ਮੋੜ ਮੰਡੀ ਤੇ ਇੱਕ ਹੋਰ ਦੇ ਘਰ ਛਾਪਾ ਮਾਰਿਆ। ਇਹ ਛਾਪੇਮਾਰੀ ਮਲੋਟ ਰੋਡ ਬਾਈਪਾਸ ’ਤੇ ਅਮਨਦੀਪ ਨਾਂ ਦੇ ਵਿਅਕਤੀ ਦੇ ਘਰ ਵੀ ਕੀਤੀ ਗਈ। ਅਮਨਦੀਪ ਨਾਭਾ ਜੇਲ੍ਹ ਵਿੱਚ ਬੰਦ ਹੈ। ਇਸੇ ਤਰ੍ਹਾਂ NIA ਨੇ ਡੱਬਵਾਲੀ ਸ਼ਹਿਰ ਤੇ ਪਿੰਡ ਲੋਹਗੜ੍ਹ ’ਚ ਦੋ ਥਾਵਾਂ ’ਤੇ ਛਾਪੇਮਾਰੀ ਕੀਤੀ। NIA ਨੇ ਸਵੇਰੇ 8.30 ਵਜੇ ਤੱਕ ਇੱਥੇ ਜਾਂਚ ਕੀਤੀ। ਨਗਰ ਨਿਗਮ ਦੇ ਮੁਲਾਜ਼ਮ ਤੋਂ ਅੰਮ੍ਰਿਤਪਾਲ ਉਰਫ ਰਾਜੂ ਤੇ ਅਰਸ਼ ਡੱਲਾ ਬਾਰੇ ਪੁੱਛਗਿੱਛ ਕੀਤੀ ਗਈ। ਹਾਸਲ ਜਾਣਕਾਰੀ ਮੁਤਾਬਕ ਰਾਸ਼ਟਰੀ ਜਾਂਚ ਏਜੰਸੀ ਨੇ ਡੱਬਵਾਲੀ ਦੇ ਧਾਲੀਵਾਲ ਨਗਰ ਤੇ ਲੋਹਗੜ੍ਹ ’ਚ ਅੱਧਾ ਘੰਟਾ ਪੁੱਛਗਿੱਛ ਕੀਤੀ। ਐਨਆਈਏ ਦੀ ਟੀਮ ਡੱਬਵਾਲੀ ਦੇ ਧਾਲੀਵਾਲ ਨਗਰ ਵਿੱਚ ਬਲਰਾਜ ਨਾਮ ਦੇ ਵਿਅਕਤੀ ਦੇ ਘਰ ਤੜਕੇ ਪਹੁੰਚੀ। ਟੀਮ ਨੇ ਬਲਰਾਜ ਤੋਂ ਅੰਮ੍ਰਿਤਪਾਲ ਉਰਫ ਰਾਜੂ ਤੇ ਅਰਸ਼ ਡੱਲਾ ਬਾਰੇ ਪੁੱਛਗਿੱਛ ਕੀਤੀ। NIA ਦੀ ਟੀਮ ਨੇ ਉਸ ਤੋਂ 20 ਮਿੰਟ ਤੱਕ ਪੁੱਛਗਿੱਛ ਕੀਤੀ। ਦੂਜੇ ਪਾਸੇ NIA ਦੀ ਟੀਮ ਲੋਹਗੜ੍ਹ ’ਚ ਅੰਮ੍ਰਿਤਪਾਲ ਉਰਫ ਰਾਜੂ ਦੇ ਘਰ ਪਹੁੰਚੀ। NIA ਦੀ ਟੀਮ ਸਿੱਧੂ ਮੂਸੇਵਾਲਾ ਕਤਲ ਕੇਸ ਵਿੱਚ ਰਾਜੂ ਤੋਂ ਪਹਿਲਾਂ ਵੀ ਦੋ ਵਾਰ ਪੁੱਛਗਿੱਛ ਕਰ ਚੁੱਕੀ ਹੈ। ਲਾਰੈਂਸ ਗੈਂਗ ਨਾਲ ਸਬੰਧ ਹੋਣ ਕਾਰਨ ਉਸ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਹਾਲਾਂਕਿ, ਜਦੋਂ ਐਨਆਈਏ ਦੀ ਟੀਮ ਰਾਜੂ ਦੇ ਘਰ ਪਹੁੰਚੀ ਤਾਂ ਘਰ ਵਿੱਚ ਸਿਰਫ਼ ਉਸਦੇ ਪਰਿਵਾਰਕ ਮੈਂਬਰ ਹੀ ਮੌਜੂਦ ਸਨ। ਜਾਣਕਾਰੀ ਅਨੁਸਾਰ ਰਾਜੂ ਇਸ ਸਮੇਂ ਬਠਿੰਡਾ ਜੇਲ੍ਹ ਵਿੱਚ ਬੰਦ ਹੈ। ਧਾਲੀਵਾਲ ਨਗਰ ਦੇ ਰਹਿਣ ਵਾਲੇ ਬਲਰਾਜ ਨੇ ਦੱਸਿਆ ਕਿ ਉਹ ਨਗਰ ਪਾਲਿਕਾ ਵਿੱਚ ਮੁਲਾਜ਼ਮ ਹੈ। ਉਸ ਦਾ ਲੋਹਗੜ੍ਹ ਦੇ ਅੰਮ੍ਰਿਤਪਾਲ ਸਿੰਘ ਉਰਫ਼ ਰਾਜੂ ਦੇ ਘਰ ਆਉਣਾ ਜਾਣਾ ਹੈ। ਰਾਜੂ ਦੇ ਪਿਤਾ ਨਾਲ ਉਸ ਦੇ ਪਰਿਵਾਰਕ ਸਬੰਧ ਹਨ। ਉਹ ਉਨ੍ਹਾਂ ਦੇ ਘਰੋਂ ਪਸ਼ੂਆਂ ਲਈ ਸੁੱਕਾ ਚਾਰਾ ਲਿਆਉਂਦਾ ਰਹਿੰਦਾ ਹੈ। ਐਨਆਈਏ ਦੀ ਟੀਮ ਨੇ ਉਸ ਤੋਂ ਰਾਜੂ ਤੇ ਅਰਸ਼ ਡੱਲਾ ਨਾਲ ਸਬੰਧਾਂ ਬਾਰੇ ਪੁੱਛਗਿੱਛ ਕੀਤੀ। ਬਲਰਾਜ ਨੇ ਦੱਸਿਆ ਕਿ ਉਸ ਨੂੰ ਅਰਸ਼ ਡੱਲਾ ਬਾਰੇ ਕੋਈ ਜਾਣਕਾਰੀ ਨਹੀਂ। ਕੁਝ ਦੇਰ ਪੁੱਛਗਿੱਛ ਕਰਨ ਤੋਂ ਬਾਅਦ ਐਨਆਈਏ ਟੀਮ ਰਵਾਨਾ ਹੋ ਗਈ। ਲੋਹਗੜ੍ਹ ਵਾਸੀ ਆਜ਼ਾਦ ਸਿੰਘ ਨੇ ਦੱਸਿਆ ਕਿ ਅੰਮ੍ਰਿਤਪਾਲ ਉਰਫ਼ ਰਾਜੂ ਉਸ ਦਾ ਭਰਾ ਹੈ। ਦੋਵੇਂ ਵੱਖ-ਵੱਖ ਰਹਿੰਦੇ ਹਨ। NIA ਦੀ ਟੀਮ ਦੇ 5 ਤੋਂ 6 ਲੋਕ ਆਏ ਸਨ। ਉਨ੍ਹਾਂ ਨੇ ਰਾਜੂ ਬਾਰੇ ਗੱਲ ਕੀਤੀ ਸੀ।

## ਸਿੱਖ ਕੌਮ ਖੁਸ਼ੀ ਦੇ ਸਮਾਗਮ ਨਾ ਕਰਵਾਏ, ਮਿੱਠੇ ਪਕਵਾਨ ਨਾ ਪਕਾਏ...ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੀ ਅਪੀਲ

**ਸ੍ਰੀ ਅੰਮ੍ਰਿਤਸਰ ਸਾਹਿਬ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਉਹ ਸ਼ਹੀਦੀ ਪੰਦਰਵਾੜੇ ਦੌਰਾਨ ਘਰਾਂ ਵਿੱਚ ਖੁਸ਼ੀ ਦੇ ਸਮਾਗਮ ਨਾ ਕਰਨ ਤੇ ਸ਼ਹੀਦੀ ਸਭਾ ਦੇ ਸਮਾਗਮਾਂ ਵਿੱਚ ਸਾਦੇ ਰੂਪ ਵਿੱਚ ਸ਼ਾਮਲ ਹੋਣ। ਉਨ੍ਹਾਂ ਨੇ ਕਿਹਾ ਕਿ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਦੇ ਪਰਿਵਾਰ ਦੀ ਲਾਸਾਨੀ ਕੁਰਬਾਨੀ ਦੀ ਦੁਨੀਆਂ ਦੇ ਕਿਸੇ ਵੀ ਧਰਮ ਵਿਚ ਕੋਈ ਮਿਸਾਲ ਨਹੀਂ ਮਿਲਦੀ ਤੇ ਨਾ ਹੀ ਅਜਿਹੀ ਕੁਰਬਾਨੀ ਕਿਸੇ ਨੇ ਦਿੱਤੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪਵਿਤਰ ਸਥਾਨਾਂ ’ਤੇ ਆਉਣ ਸਮੇਂ ਕਿਸੇ ਤਰ੍ਹਾਂ ਦੀ ਹੁੱਲੜਬਾਜ਼ੀ ਨਾ ਕਰਨ। ਉਨ੍ਹਾਂ ਸਮੂਹ ਲੰਗਰ ਕਮੇਟੀਆਂ ਤੇ ਸਭਾ ਸੁਸਾਇਟੀਆਂ ਨੂੰ ਵੀ ਕਿਹਾ ਕਿ ਲੰਗਰਾਂ ਵਿੱਚ ਮਿੱਠੇ ਪਕਵਾਨ ਨਾ ਪਕਾਏ ਜਾਣ। ਉਧਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੰਘੇ ਦਿਨੀਂ ਸ੍ਰੀ ਫ਼ਤਹਿਗੜ੍ਹ ਸਾਹਿਬ ਵਿੱਚ 25 ਤੋਂ 27 ਦਸੰਬਰ ਤੱਕ ਹੋਣ ਵਾਲੀ ਸ਼ਹੀਦੀ ਸਭਾ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਆਪਣੀ ਰਿਹਾਇਸ਼ ’ਤੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਸੀ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਸਭਾ ਤੋਂ ਪਹਿਲਾਂ ਗੁਰਦੁਆਰੇ ਨੂੰ ਜਾਣ ਵਾਲੀਆਂ ਪ੍ਰਮੁੱਖ ਸੜਕਾਂ ਦੀ ਮੁਰੰਮਤ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ ਸੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸੜਕਾਂ ਦੀ ਮੁਰੰਮਤ ਲਈ ਪਹਿਲਾਂ ਹੀ ਫੰਡ ਅਲਾਟ ਕੀਤੇ ਗਏ ਹਨ, ਇਸ ਲਈ ਇਹ ਕੰਮ ਸਮਾਂਬੱਧ ਢੰਗ ਨਾਲ ਮੁਕੰਮਲ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਗੁਰਦੁਆਰੇ ਨੂੰ ਜਾਂਦੀ ਹਰ ਸੜਕ ’ਤੇ ਹੈਲਪਲਾਈਨ ਸੈਂਟਰ ਸਥਾਪਤ ਕਰਨ ਲਈ ਕਿਹਾ ਤਾਂ ਜੋ ਸ਼ਰਧਾਲੂਆਂ ਨੂੰ ਸਭਾ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸ੍ਰੀ ਫਤਹਿਗੜ੍ਹ ਸਾਹਿਬ ਵਿੱਚ ਹਰ ਥਾਂ ਸੀਸੀਟੀਵੀ ਕੈਮਰੇ ਲਗਾਏ ਜਾਣ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਜਾਣ ਤੇ ਸਭਾ ਦੌਰਾਨ ਸ਼ਹਿਰ ਦੀ ਸਫਾਈ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਉਹ ਖੁਦ ਇਸ ਕੰਮ ਦੀ ਨਿਗਰਾਨੀ ਕਰਨਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਸ ਨੂੰ ਸਮਾਂਬੱਧ ਢੰਗ ਨਾਲ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ ’ਤੇ ਆਉਣ ਵਾਲੇ ਸ਼ਰਧਾਲੂਆਂ ਨੂੰ ਹਰ ਸਹੂਲਤ ਮੁਹੱਈਆ ਕਰਾਉਣਾ ਸਰਕਾਰ ਦਾ ਫਰਜ਼ ਬਣਦਾ ਹੈ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।


★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ — Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk



**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



ਤੇਰੇ ਜਨ ਪਰਉਪਕਾਰੀ ਆਏ

ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ


ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473


ਮਹੰਤ ਕਾਹਨ ਸਿੰਘ ਸੇਵਾਪੰਥੀ


ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

### ਪਿੰਡਾਂ ਦੇ ਵਿਕਾਸ ਕਾਰਜਾਂ ਲਈ ਪੰਚਾਇਤ ਯੂਨੀਅਨ ਦੇ ਬਲਾਕ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ ਨੇ

# ਮੁੱਖ ਮੰਤਰੀ ਦੇ ਓ ਐਸ ਡੀ ਰਾਜਬੀਰ ਸਿੰਘ ਨਾਲ ਕੀਤੀ ਮੁਲਾਕਾਤ

**ਧੂਰੀ** ( **ਰਣਜੀਤ ਸਿੰਘ ਪੇਧਨੀ** )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ ਐਸ ਡੀ ਰਾਜਬੀਰ ਸਿੰਘ ਨੇ ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ ਦੀ ਅਗਵਾਈ ਹੇਠ ਮੁੱਖ ਮੰਤਰੀ ਦੇ ਦਫਤਰ ਵਿਖੇ ਇੱਕ ਮੀਟਿੰਗ ਕੀਤੀ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ ਐਸ ਡੀ ਰਾਜਬੀਰ ਸਿੰਘ ਨੇ ਸਰਪੰਚਾਂ ਦੀਆਂ ਮੁਸਕਿਲਾ ਨੂੰ ਪਹਿਲ ਦੇ ਆਧਾਰ ਤੇ ਹੱਲ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧੂਰੀ ਹਲਕੇ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਉਨ੍ਹਾਂ ਦੀਆਂ ਮੰਗਾਂ ਅਨੁਸਾਰ ਦਿਲ ਖੋਲ ਕੇ ਗਰਾਂਟਾਂ ਦਿੱਤੀਆਂ ਜਾਣਗੀਆਂ। ਇਸ ਮੌਕੇ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਡਾ ਅਨਵਰ ਭਸੌੜ ਮੈਂਬਰ ਵਕਫ਼ ਬੋਰਡ ਪੰਜਾਬ, ਚੇਅਰਮੈਨ ਸਤਿੰਦਰ ਸਿੰਘ ਚੱਠਾ, ਪ੍ਰਦੀਪ ਸਾਰਦਾ ਬੀ ਡੀ ਪੀ ਓ ਧੂਰੀ, ਪਰਮਜੀਤ ਸਿੰਘ ਕਾਂਝਲਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਜਸਵੀਰ ਦਾਸ ਢਢੋਗਲ ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ, ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਅਮਨਦੀਪ ਸਿੰਘ ਸਰਪੰਚ ਘਨੌਰ ਖੁਰਦ, ਜਸਵੀਰ ਸਿੰਘ ਸਰਪੰਚ ਦੋਹਲਾ, ਕਰਮਜੀਤ ਸਿੰਘ ਭੁੱਲਹੇੜੀ ਰਣਜੀਤ ਸਿੰਘ ਧੰਦੀਵਾਲ, ਮਾਣਾ ਗਰੇਵਾਲ, ਕੁਲਦੀਪ ਸਿੰਘ ਬੁੱਟਰ ਹਾਜ਼ਰ ਸਨ।



### ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ 'ਚ ਚੱਲ ਰਹੇ ਹਨ ਅਨੇਕਾਂ ਵਿਕਾਸ ਕਾਰਜ: ਚੇਅਰਮੈਨ ਘੁੱਲੀ

# ਸਰਪੰਚ ਜੱਗਾ ਭੋਜੋਵਾਲੀ ਦੇ ਪਿੰਡ ਚੱਲ ਰਹੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

**ਧੂਰੀ, ( ਰਣਜੀਤ ਸਿੰਘ ਪੇਧਨੀ)**-ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਨਣ ਮਗਰੋਂ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹਨ, ਕਿਉਂਕਿ ਅੱਜ ਪੰਜਾਬ ਉਨ੍ਹਾਂ ਦੀ ਯੋਗ ਅਗਵਾਈ ਹੇਠ ਤਰੱਕੀ ਅਤੇ ਖੁਸ਼ਹਾਲੀ ਦੀ ਰਾਹ ਵੱਲ ਵੱਧ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ ਰਾਜਵੰਤ ਸਿੰਘ ਘੁੱਲੀ ਦਫ਼ਤਰ ਇੰਚਾਰਜ ਮੁੱਖ ਮੰਤਰੀ ਕੈਂਪਸ ਧੂਰੀ ਅਤੇ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਨੂੰ ਸਿਰਫ ਢਾਈ ਕੁ ਸਾਲ ਦਾ ਸਮਾਂ ਹੀ ਹੋਇਆ ਹੈ ਪਰ ਆਪ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਸਾਰੇ ਵਰਗਾ ਨੂੰ ਧਿਆਨ ਵਿੱਚ ਰੱਖ ਕੇ ਲੋਕ ਹਿੱਤ ਦੇ ਫੈਸਲੇ ਲਏ ਜਾ ਰਹੇ ਹਨ। ਇਸ ਮੌਕੇ ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ, ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ ਖਹਿਰਾ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਰਣਜੀਤ ਸਿੰਘ ਧੰਦੀਵਾਲ, ਮਾਣਾ ਗਰੇਵਾਲ, ਕੁਲਦੀਪ ਸਿੰਘ ਬੁੱਟਰ ਹਾਜ਼ਰ ਸਨ।



## 16 ਦਸੰਬਰ ਨੂੰ ਸਾਰੀਆਂ ਸਿੱਖ ਜਥੇਬੰਦੀਆਂ, ਸਮਾਜ ਸੇਵੀ, ਪੰਥਕ ਜਥੇਬੰਦੀਆਂ ਕਿਸਾਨ ਯੂਨੀਅਨਾ ਨੂੰ ਫਗਵਾੜਾ ਵਿਖੇ ਪਹੁੰਚਣ ਲਈ ਨਿਮਰਤਾ ਸਹਿਤ ਬੇਨਤੀ : ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ

### ਮਾਮਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਤੇ ਸਰਕਾਰ ਤੋਂ ਸਖਤ ਕਾਨੂੰਨ ਬਣਾਉਣ ਦਾ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਤੇ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਜੀ ਵੱਲੋਂ 16 ਦਸੰਬਰ ਨੂੰ ਸਾਰੀਆਂ ਸਿੱਖ ਜਥੇਬੰਦੀਆਂ, ਸਮਾਜ ਸੇਵੀ, ਪੰਥਕ ਜਥੇਬੰਦੀਆਂ ਕਿਸਾਨ ਯੂਨੀਅਨਾ ਨੂੰ ਫਗਵਾੜਾ ਵਿਖੇ ਪਹੁੰਚਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਗਈ ਹੈ। ਉਚੇਚੇ ਤੌਰ ਤੇ ਸਮਾਣਾ ਵਿਖੇ ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਤੇ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਟਾਵਰ ਤੇ ਬੈਠੇ ਗੁਰਸਿੱਖ ਨੂੰ ਮਿਲਣ ਲਈ ਪਹੁੰਚੇ ਸਨ। ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਜੀ ਨੇ ਵਿਸ਼ੇਸ਼ ਤੌਰ ਤੇ ਆਖਿਆ ਕਿ ਸਮੂਹ ਸੰਗਤਾਂ ਦੇ ਨਾਲ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਇਸ ਮਸਲੇ ਤੇ ਅਗਲੀ ਰਣਨੀਤੀ ਉਲੀਕੀ ਜਾਵੇਗੀ।

**-ਭਾਈ ਪਰਗਟ ਸਿੰਘ ਬਲਬੇੜਾ**



## ਪੜੋ ਜੁੜੋ ਤੇ ਸੰਘਰਸ਼ ਕਰੋ 'ਤੇ ਚੱਲਣਾ ਹੀ ਬਾਬਾ ਸਾਹਿਬ ਨੂੰ ਸੱਚੀ ਸ਼ਰਧਾਜਲੀ- ਡਾ, ਸੇਰਪੁਰ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੜੋ ਜੁੜੋ ਤੇ ਸੰਘਰਸ਼ ਕਰੋ ਉੱਪਰ ਚੱਲਣਾ ਹੀ ਬਾਬਾ ਸਾਹਿਬ ਡਾ ਭੀਮ ਰਾਓ ਅੰਬਡਕਰ ਜੀ ਨੂੰ ਸੱਚੀ ਸਰਧਾਜ਼ਲੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਬਰਨਾਲਾ ਦੇ ਇੰਚਾਰਜ ਡਾ. ਜਗਜੀਵਨ ਸਿੰਘ ਸੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਡਾ ਅੰਬੇਡਕਰ ਸਾਹਿਬ ਨੇ ਔਰਤਾਂ ਨੂੰ ਅਧਿਕਾਰ ਦੇ ਕੇ ਵੱਡਾ ਪਰਉਪਕਾਰ ਕੀਤਾ ਹੈ। ਬਾਬਾ ਜੀ ਨੇ ਬੜੀ ਮਿਹਨਤ ਪਿਆਰ ਇੱਕ ਨਾਗਰਿਕ ਨੂੰ ਅਜ਼ਾਦੀ ਨਾਲ ਆਪਣੀ ਜ਼ਿੰਦਗੀ ਜਿਊਣ ਲਈ ਭਾਰਤ ਸਰਕਾਰ ਨੂੰ 'ਸੰਵਿਧਾਨ' ਸੋਂਪਿਆ ਅਜ਼ਾਦ ਭਾਰਤ ਵਿੱਚ 26. ਜਨਵਰੀ 1950 ਨੂੰ ਲਾਗੂ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜਿਹੜੀ ਕੌਮ ਆਪਣੇ ਧਰਮ ਤੇ ਵਿਰਸੇ ਦੀ ਸੰਭਾਲ ਨਹੀਂ ਕਰਦੀ ਉਹ ਹਮੇਸ਼ਾ ਲਈ ਖਤਮ ਹੋ ਜਾਂਦੀ ਹੈ। ਡਾਕਟਰ ਬੀ ਆਰ ਅੰਬੇਡਕਰ ਬਾਬਾ ਸਾਹਿਬ ਦੀ ਦੇਸ਼ ਵਾਸੀਆ ਨੂੰ ਹਰ ਬਹੁਤ ਵੱਡੀ ਦੇਣ ਹੈ। ਉਨਾਂ ਇਕੱਲੇ ਦਲਿਤਾਂ ਲਈ ਨਹੀ ਸਮੁੱਚੇ ਭਾਰਤ ਵਾਸੀਆ ਲਈ ਸੰਵਿਧਾਨ ਤਿਆਰ ਕੀਤਾ ਹੈ। ਉਨਾਂ ਦੀ ਸੋਚ ਨੂੰ ਅਪਨਾਉਣ ਨਾਲ ਹੀ ਦਲਿਤ ਸਮਾਜ ਤਰੱਕੀ ਕਰ ਸਕਦੇ ਹਨ। ਉਨਾਂ ਦਲਿਤਾਂ ਨੂੰ ਸੱਦਾ ਦਿੱਤਾ ਕਿ ਬਾਬਾ ਸਾਹਿਬ ਦੇ ਪੜੋ ਜੁੜੋ ਅਤੇ ਸੰਘਰਸ਼ ਕਰੋ ਦੇ ਦਿੱਤੇ ਨਾਅਰੇ ਤੇ ਅਮਲ ਕਰਨ ਨਾਲ ਹੀ ਉਨਾ ਦਾ ਜੀਵਨ ਖੁਸ਼ਹਾਲ ਹੋ ਸਕਦਾ ਹੈ।



## ਸ਼੍ਰੋਮਣੀ ਅਕਾਲੀ ਦਲ ਵੱਲੋਂ ਨਗਰ ਕੌਸਲ ਚੋਣਾਂ ਦੇ ਲਈ ਉਮੀਦਵਾਰਾਂ ਦੀ ਸੂਚੀ ਜਾਰੀ ਤੇਜਿੰਦਰ ਸਿੰਘ ਸੰਘਰੇੜੀ

ਸੰਗਰੂਰ ( ਰਣਜੀਤ ਸਿੰਘ ਪੇਧਨੀ ) ਸ਼੍ਰੋਮਣੀ ਅਕਾਲੀ ਦਲ ਵੱਲੋਂ ਨਗਰ ਕੌਂਸਲ ਚੋਣਾਂ ਸਬੰਧੀ ਉਮੀਦਵਾਰਾਂ ਦੀ ਸੂਚੀ ਜ਼ਿਲਾ ਪ੍ਰਧਾਨ ਸ ਤਜਿੰਦਰ ਸਿੰਘ ਸੰਘਰੇੜੀ ਵੱਲੋਂ ਜਾਰੀ ਕੀਤੀ ਗਈ, ਉਹਨਾਂ ਕਿਹਾ ਕਿ ਸ਼੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਮੁਤਾਬਿਕ ਸ਼੍ਰੋਮਣੀ ਅਕਾਲੀ ਦਲ ਦੇ ਸਾਰੇ ਧੜਿਆ ਦਾ ਧਿਆਨ ਰੱਖ ਕੇ ਯੋਗ ਉਮੀਦਵਾਰਾਂ ਦੀ ਚੋਣ, ਕਮੇਟੀ ਵੱਲੋਂ ਸਕ੍ਰੀਨਿੰਗ ਕਰਕੇ ਭੇਜੀ ਗਈ ਸੀ ਜਿਸ ਨੂੰ ਅੱਜ ਜਾਰੀ ਕੀਤਾ ਗਿਆ। ਉੱਧਰ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਨੇ ਚੋਣ ਕਮੇਟੀ ਦੀਆਂ ਸਿਫਾਰਸ਼ਾਂ ਅਤੇ ਉਮੀਦਵਾਰਾਂ ਦੀ ਚੋਣ ਤੇ ਪੂਰਨ ਭਰੋਸਾ ਜਿਤਾਇਆ ਹੈ, ਉਹਨਾਂ ਕਿਹਾ ਕਿ ਇਹ ਚੋਣ ਸੰਗਰੂਰ ਸ਼ਹਿਰ ਦੇ ਨਿਵਾਸੀਆਂ ਦੇ ਹਿੱਤਾਂ ਦੀ ਰਖਵਾਲੀ ਲਈ ਲੜੀ ਜਾਵੇਗੀ, ਸ਼ਹਿਰ ਨਿਵਾਸੀਆਂ ਲਈ ਸਾਡੀ ਇਹ ਜਿੰਮੇਵਾਰੀ ਹਰ ਰਾਜਨੀਤਕ ਹਿੱਤਾਂ ਤੋਂ ਉਪਰ ਹੈ। ਸ਼੍ਰੋਮਣੀ ਅਕਾਲੀ ਦਲ ਗੱਠਜੋੜ ਇਹ ਚੋਣਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਲੋਕਾਂ ਹਿੱਤਾਂ ਅਤੇ ਲੋਕ ਭਾਵਨਾਵਾਂ ਦੀ ਪੂਰਤੀ ਕਰੇਗਾ। ਉਹਨਾਂ ਸੰਗਰੂਰ ਸ਼ਹਿਰ ਦੇ ਹਰ ਵੋਟਰ ਨੂੰ ਅਪੀਲ ਕੀਤੀ ਹੈ ਕਿ ਗੱਠਜੋੜ ਦੇ ਸਾਰੇ ਉਮੀਦਵਾਰਾਂ ਦੀ ਮੱਦਦ ਕਰਨ, ਤਾਂ ਜੋ ਮੌਜੂਦਾ ਸਮੇਂ ਵਿੱਚ ਸਰਕਾਰ ਨੇ ਪੰਜਾਬ ਤੇ ਹਾਲਾਤ ਬਣਾਏ ਹਨ ਉਹਨਾਂ ਤੇ ਨਕੇਲ ਪਾਈ ਜਾ ਸਕੇ। ਸ਼੍ਰੋਮਣੀ ਅਕਾਲੀ ਦਲ ਨੇ ਇਨ੍ਹਾਂ ਉਮੀਦਵਾਰਾਂ ਵਿਚ ਸ਼ੀਲਾ ਰਾਣੀ ਪਤਨੀ ਸ. ਹਰਨੇਕ ਸਿੰਘ, ਸ੍ਰੀਮਤੀ ਪ੍ਰਵੀਨ ਕੁਮਾਰੀ ਪਤਨੀ ਸ੍ਰੀ ਵਾਸੁਦੇਵ ਸ਼ਰਮਾ, ਸ੍ਰੀ ਹਰਜੀਤ ਸ਼ਰਮਾ ਪੁੱਤਰ ਸ੍ਰੀ ਭਗਤ ਰਾਮ, ਸ੍ਰੀ ਜੋਗੀ ਰਾਮ ਪੁੱਤਰ ਸ੍ਰੀ ਨੇਕੀ ਰਾਮ, ਸ੍ਰੀ ਪ੍ਰਦੀਪ ਪੁਰੀ (ਪੱਪੂ) ਪੁੱਤਰ ਸ੍ਰੀ ਤ੍ਰਿਪਤਾਨੰਦ ਪੁਰੀ, ਸ. ਹਰਜੀਤ ਸਿੰਘ ਸਿੱਧੂ ਪੁੱਤਰ ਸ. ਤਰਸੇਮ ਸਿੰਘ, ਸ੍ਰੀ ਸੱਜਣ ਰਾਮ ਪੁੱਤਰ ਸ੍ਰੀ ਸਾਹੂ ਰਾਮ, ਸ. ਸੰਦੀਪ ਸਿੰਘ ਪੁੱਤਰ ਸ. ਸੁਖਜਿੰਦਰ ਸਿੰਘ, .ਜਤਿੰਦਰ ਸਿੰਘ (ਜੋਨੀ) ਪੁੱਤਰ ਸ. ਸੋਹਣ ਸਿੰਘ, ਸ੍ਰੀਮਤੀ ਸਿਮਰਤ ਰਾਣਾ ਪੂਨੀਆ ਪਤਨੀ ਸ. ਇਕਬਾਲਜੀਤ ਸਿੰਘ ਪੂਨੀਆ ਮੈਦਾਨ ਵਿੱਚ ਉਤਾਰਿਆ ਹੈ। ਇਸ ਮੌਕੇ ਸ ਇਕਬਾਲ ਸਿੰਘ ਪੂਨੀਆ, ਚਮਨਦੀਪ ਸਿੰਘ ਮਿਲਖੀ, ਬੀਬੀ ਪਰਮਜੀਤ ਕੌਰ ਵਿਰਕ, ਸ਼ੇਰ ਸਿੰਘ ਬਾਲੇਵਾਲ, ਪ੍ਰਿੰਸੀਪਲ ਨਰੇਸ਼ ਕੁਮਾਰ, ਜਤਿੰਦਰ ਸਿੰਘ ਵਿੱਕੀ ਜੀ ਵੀ ਨਾਲ ਹਾਜ਼ਿਰ ਸਨ।






## ਮੁੱਖ ਖੇਤੀਬਾੜੀ ਅਫਸਰ ਵੱਲੋਂ ਪਰਾਲੀ ਨੂੰ ਅੱਗ ਲਗਾਏ ਬਗੈਰ ਵੱਖ-ਵੱਖ ਤਕਨੀਕਾਂ ਨਾਲ ਬੀਜੀ ਕਣਕ ਦੇ ਖੇਤਾਂ ਦਾ ਕੀਤਾ ਗਿਆ ਦੌਰਾ

### ਸਮਾਰਟਸੀਡਰ ਨਾਲ ਬੀਜੀ ਕਣਕ ਵਿੱਚ ਨਦੀਨਾਂ ਦੀ ਸਮੱਸਿਆ ਬਿਲਕੁਲ ਨਹੀਂ ਅਤੇ ਲਾਗਤ ਵੀ ਘਟਦੀ ਹੈ: ਡਾ. ਹਰਬੰਸ ਸਿੰਘ ਚਹਿਲ



ਸੰਗਰੂਰ ( ਰਣਜੀਤ ਸਿੰਘ ਪੇਧਨੀ ) ਝੋਨੇ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਤੋਂ ਇਲਾਵਾ ਅਗਲੀ ਫ਼ਸਲ ਦੀ ਬਿਜਾਈ ਕਰਨ ਸਬੰਧੀ ਚਲਾਈ ਜਾ ਰਹੀ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਦੀਆਂ ਤਹਿਤ ਮੁੱਖ ਖੇਤੀਬਾੜੀ ਅਫਸਰ, ਸੰਗਰੂਰ ਡਾ. ਹਰਬੰਸ ਸਿੰਘ ਚਹਿਲ ਨੇ ਬਲਾਕ ਭਵਾਨੀਗੜ੍ਹ ਦੇ ਪਿੰਡ ਪੰਨਵਾਂ ਦੇ ਰਹਿਣ ਵਾਲੇ ਅਗਾਂਹਵਧੂ ਕਿਸਾਨ ਮਿਹਰ ਚੰਦ ਦੇ ਖੇਤਾਂ ਦਾ ਦੌਰਾ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਕਿਸਾਨ ਵੱਲੋਂ ਲਗਭਗ 03 ਏਕੜ ਕਣਕ ਦੀ ਬਿਜਾਈ ਸਮਾਰਟ ਸੀਡਰ ਮਸ਼ੀਨ ਨਾਲ ਕੀਤੀ ਗਈ ਸੀ। ਇਸ ਮੌਕੇ ਨਿਰੀਖਣ ਕਰਦਿਆਂ ਡਾ. ਹਰਬੰਸ ਸਿੰਘ ਚਹਿਲ ਨੇ ਦੱਸਿਆ ਕਿ ਇਸ ਤਕਨੀਕ ਜ਼ਰੀਏ ਬੀਜੀ ਕਣਕ ਦੀ ਫਸਲ ਬਿਲਕੁਲ ਠੀਕ ਹੈ ਅਤੇ ਕਿਸੇ ਕਿਸਮ ਦੀ ਬਿਮਾਰੀ ਜਾਂ ਕੀੜੇ—ਮਕੌੜਿਆਂ ਦਾ ਹਮਲਾ ਆਦਿ ਨਹੀਂ ਪਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤਕਨੀਕ ਨਾਲ ਬੀਜੀ ਕਣਕ ਵਿੱਚ ਨਦੀਨਾਂ ਦੀ ਸਮੱਸਿਆ ਬਿਲਕੁਲ ਨਹੀਂ ਹੈ ਅਤੇ ਇਸ ਤਕਨੀਕ ਨਾਲ ਸਮੇਂ ਦੀ ਬੱਚਤ ਹੁੰਦੀ ਹੈ ਅਤੇ ਲਾਗਤ ਵੀ ਘੱਟ ਆਉਂਦੀ ਹੈ। ਇਸ ਮੌਕੇ ਕਿਸਾਨ ਮਿਹਰ ਚੰਦ ਨੇ ਵੀ ਦੱਸਿਆ ਕਿ ਪਹਿਲਾਂ ਵੀ ਉਨ੍ਹਾਂ ਕਦੇ ਵੀ ਝੋਨੇ ਦੇ ਪਰਾਲੀ ਨੂੰ ਅੱਗ ਨਹੀਂ ਲਗਾਈ ਗਈ ਸਗੋਂ ਕਣਕ ਦੀ ਬਿਜਾਈ ਹੈਪੀ ਸੀਡਰ ਨਾਲ ਕੀਤੀ ਜਾਂਦੀ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਸਮਾਰਟ ਸੀਡਰ ਨਾਲ ਬੀਜੀ ਕਣਕ ਦੀ ਹਾਲਤ ਬਹੁਤ ਵਧੀਆ ਹੈ ਅਤੇ ਆਮ ਖੇਤਾਂ ਦੀ ਤਰ੍ਹਾਂ ਇਸ ਉੱਪਰ ਗੁਲਾਬੀ ਸੁੰਡੀ ਦਾ ਹਮਲਾ ਵੀ ਨਹੀਂ ਹੋਇਆ। ਉਨ੍ਹਾਂ ਵੱਲੋਂ ਹੋਰਨਾਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਨਵੀਆਂ ਤਕਨੀਕਾਂ ਨਾਲ ਕਣਕ ਦੀ ਬਿਜਾਈ ਕਰਨ ਤਾਂ ਜੋ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਵਾਤਾਵਰਣ ਨੂੰ ਸ਼ੁੱਧ ਰੱਖਿਆ ਜਾ ਸਕੇ। ਇਸ ਮੌਕੇ ਖੇਤੀਬਾੜੀ ਅਫਸਰ ਭਵਾਨੀਗੜ੍ਹ ਡਾ. ਮਨਦੀਪ ਸਿੰਘ ਨੇ ਵੀ ਕਿਸਾਨ ਮਿਹਰ ਚੰਦ ਦੀ ਅਗਾਂਹ ਵਧੂ ਸੋਚ ਤੋਂ ਸਾਰੇ ਕਿਸਾਨਾਂ ਨੂੰ ਸੇਧ ਲੈਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਡਾ. ਅਨਮੋਲਦੀਪ ਸਿੰਘ, ਖੇ ਤੀਬਾੜੀ ਵਿਕਾਸ ਅਫਸਰ, ਭਵਾਨੀਗੜ੍ਹ, ਹਰਵਿੰਦਰ ਸਿੰਘ, ਖੇਤੀਬਾੜੀ ਉਪ ਨਿਰੀਖਕ, ਸਾਬਕਾ ਡਿਪਟੀ ਡਾਇਰੈਕਟਰ ਬਾਗਬਾਨੀ ਡਾ. ਸੁਰਜੀਤ ਸਿੰਘ ਤੋਂ ਇਲਾਵਾ ਅਗਾਂਹਵਧੂ ਕਿਸਾਨ ਜਗਦੀਸ਼ ਸਿੰਘ, ਰਜਿੰਦਰ ਸਿੰਘ ਅਤੇ ਦੁਆਰਕਾ ਦਾਸ ਮੌਜੂਦ ਸਨ।



ਨਗਰ ਜਨਸੂਆ ਅਤੇ ਹਲਕਾ ਨਿਵਾਸੀ ਸਾਧ ਸੰਗਤ ਵਲੋਂ
ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ
ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ
ਮਹਾਨ ਗੁਰਮਤਿ ਸਮਾਗਮ
21-22 ਦਿਸੰਬਰ 2024
ਦਿਨ ਸ਼ਨੀਵਾਰ ਅਤੇ ਐਤਵਾਰ
ਨਗਰ ਜਨਸੂਆ
ਜਿਲਾ ਅੰਬਾਲਾ
ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤਕ
ਸਿੰਘ ਸਾਹਿਬ ਗਿ. ਰਘਬੀਰ ਸਿੰਘ ਜੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ




ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ,
ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੋਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੁਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ-ਖੋ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਰੱਸੀ ਟੱਪਣਾ
(ਕੇਵਲ ਲੜਕੀਆਂ 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ
ਪਹਿਲੇ 10 ਸ਼ਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ
ਪਹਿਲੇ 25 ਸ਼ਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ
57 ਸ਼ਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਗਤਕਾ ਪ੍ਰਦਰਸ਼ਨ
(ਵਿਅਕਤੀਗਤ : ਫਾਇਟ ਫਰੀ-ਸੋਟੀ, ਡਬਲ ਕਿਰਪਾਨ ਅਤੇ ਚੱਕਰ)
ਅੰਬਾਲਾ ਗਤਕਾ ਅਕੈਡਮੀ
ਵਲੋਂ ਸ਼ਸਤ੍ਰ ਵਿਦਿਆ ਦਾ ਸਾਂਝਾ ਪ੍ਰਦਸ਼ਨ ਕਿਤਾ ਜਾਵੇਗਾ ਜੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਇਸ ਮੁਕਾਬਲੇ ਵਿੱਚ 8 ਸਾਲ ਤੱਕ ਦੇ ਬੱਚੇ ਅਤੇ ਬੱਚੀਆਂ ਨੇ ਸਿੱਖੀ ਸਰੂਪ ਵਿਚ ਤਿਆਰ ਭਰ ਤਿਆਰ ਹੋਕੇ ਆਉਣਾ ਹੈ ਅਤੇ ਸਟੇਜ ਤੇ 1 ਮਿੰਟ ਲਈ ਬੋਲਣ ਦਾ ਸਮਾਂ ਦਿੱਤਾ ਜਾਵੇਗਾ ਜੀ
ਅਵਾਰਡ ਚੰਗੇਰੇ ਮਾਪੇ
ਕਵੀਜ਼ ਮੁਕਾਬਲਾ
ਵਿਸ਼ਾ : ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੇ ਜੀਵਨ ਸਬੰਧਿਤ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ
ਅੰਬਾਲਾ ਸ਼ਹਿਰ 0171-2446949
ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਸ੍ਰ. ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ HSGMC
ਸ੍ਰ. ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ HSGMC
ਸ. ਹਰਪਾਲ ਸਿੰਘ ਕੰਬੋਜ ਮੈਂਬਰ, HSGMC
ਸ. ਇੰਦਰਜੀਤ ਸਿੰਘ ਮੈਂਬਰ, HSGMC
ਸ. ਰਜਿੰਦਰ ਸਿੰਘ ਮੈਂਬਰ, HSGMC
ਕੈਪਟਨ ਦਿਲਬਾਗ ਸਿੰਘ ਮੈਂਬਰ, HSGMC
ਜ. ਬਲਜੀਤ ਸਿੰਘ ਦਾਦੂਵਾਲ ਚੇਅਰਮੈਨ, ਧਰਮ ਪ੍ਰਚਾਰ ਕਮੇਟੀ, HSGMC

In Loving Memory of

# Sardarni Nasib Kaur Sidhu



13th April 1934 - 4th December 2024

## Saturday 14th December 2024

**Antam Darshan | 11:40 AM**
200 Oak Road, West Bromwich, B70 8HJ

**Antam Sanskar | 1:00 PM**
Sandwell Valley Crematorium
Newton Road, West Bromwich, West Midlands, B71 3SX

**Sehaj Path Bhog | 2:30 PM**
Guru Har Rai Gurdwara
128 High Street, West Bromwich, B70 6JW

Harmony
Asian Funeral Directors

ਆਵਾਜ਼ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ



ਸ਼ਹੀਦੀ ਜੋੜ ਮੇਲਾ ਸਿੰਘ ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ☛ ਜਨਮ ਦਿਵਸ ਸ਼੍ਰੋਮਣੀ ਭਗਤ ਸੈਣ ਜੀ ਪਿੰਡ ਸੋਹਲ ਅੰਮ੍ਰਿਤਸਰ ਸਾਹਿਬ ☛ ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਗੁਰ ਸਿੱਖ ਪ੍ਰਵਾਰ ਭਾਈ ਅਮਰਜੀਤ ਸਿੰਘ ਅਤੇ ਭਾਈ ਪ੍ਰਭਜੀਤ ਸਿੰਘ ਦਿਉਲ ਵੱਲੋਂ ਲਈ ਗਈ ਹੈ।

**ਸ਼ਨੱਚਰਵਾਰ 14 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 15 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ। ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਰਾਗੀ ਜਥਾ ਭਾਈ ਤਜਿੰਦਰ ਸਿੰਘ ਮਾਨਤੋਵਾ ਵਾਲੇ ਕੀਰਤਨ ਦੀ ਹਾਜ਼ਰੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




## ਸਕੂਲ ਦੇ ਸਮੂਹ ਸਟਾਫ ਵੱਲੋਂ ਆਉਣ ਵਾਲੇ ਛੋਟੇ ਸਾਹਿਬਜ਼ਾਦੇ ਅਤੇ ਵੱਡੇ ਸਾਹਿਬਜ਼ਾਦਿਆਂ ਅਤੇ ਸਮੂਹ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਸਕੂਲ ਦੇ ਵਿੱਚ ਬੱਚਿਆਂ ਨੂੰ ਪੜ੍ਹਾਇਆ ਜਾਵੇਗਾ ਸਿੱਖ ਇਤਿਹਾਸ ਤੇ ਗੁਰਬਾਣੀ ਪੜ ਕੇ ਕੀਤਾ ਜਾਵੇਗਾ ਸਮੂਹ ਸ਼ਹੀਦਾਂ ਨੂੰ ਯਾਦ

# ਸੇਂਟ ਫਰਾਂਸਿਸ ਕੌਨਵੈਂਟ ਸਕੂਲ ਵੱਲੋਂ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੀ ਸ਼ਹਾਦਤ ਨੂੰ ਕੀਤਾ ਕੋਟ ਕੋਟ ਪ੍ਰਣਾਮ








**ਫਿਰੋਜ਼ਪੁਰ 9 ਦਸੰਬਰ (ਸੁਖਮੰਦਰ ਸਿੰਘ ਸ਼ਾਂਤ)**-ਸੇਂਟ ਫਰਾਂਸਿਸ ਕੌਨਵੈਂਟ ਸਕੂਲ ਦੇ ਪ੍ਰਿੰਸੀਪਲ ਮੈਡਮ ਜੋਤੀ ਅਤੇ ਚੇਅਰਮੈਨ ਜਗਜੀਤ ਸਿੰਘ ਅਤੇ ਕੋਆਰਡੀਨੇਟਰ ਮੈਡਮ ਜਸਵੀਰ ਕੌਰ ਨੇ ਇਹ ਜਾਣਕਾਰੀ ਦਿੱਤੀ ਗਈ। ਅਸੀਂ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਕੋਟ ਕੋਟ ਪ੍ਰਣਾਮ ਕਰਦੇ ਹਾਂ ਅਤੇ ਨਾਲ ਹੀ ਦੱਸਣਾ ਚਾਹੁੰਦੇ ਹਾਂ ਕਿ ਅਸੀਂ ਸਮੂਹ ਸਟਾਫ ਦੇ ਨਾਲ ਮਿਲ ਕੇ ਅਤੇ ਬੱਚਿਆਂ ਦੇ ਨਾਲ ਆਉਣ ਵਾਲੇ ਸ਼ਹੀਦੀ ਦਿਨਾਂ ਦੇ ਵਿੱਚ ਸਕੂਲ ਵਿੱਚ ਬੱਚਿਆਂ ਨੂੰ ਉਹਨਾਂ ਛੋਟੇ ਸਾਹਿਬਜ਼ਾਦੇ ਅਤੇ ਵੱਡੇ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦਾਂ ਦੀ ਇਤਿਹਾਸ ਦੀ ਜਾਣਕਾਰੀ ਦਿੱਤੀ ਜਾਵੇਗੀ ਅਤੇ ਸਮੂਹ ਟੀਚਰ ਅਤੇ ਸਕੂਲ ਦੇ ਵਿਦਿਆਰਥੀ ਮਿਲ ਕੇ ਉਹਨਾਂ ਸ਼ਹੀਦੀ ਦਿਨਾਂ ਵਿੱਚ ਗੁਰਬਾਣੀ ਪੜ੍ਹ ਕੇ ਉਹਨਾਂ ਮਹਾਨ ਸ਼ਹੀਦਾਂ ਨੂੰ ਯਾਦ ਕਰਦਿਆਂ ਉਹਨਾਂ ਨੂੰ ਪ੍ਰਣਾਮ ਕੀਤਾ ਜਾਵੇਗਾ। ਚੇਅਰਮੈਨ ਜਗਜੀਤ ਸਿੰਘ ਨੇ ਦੱਸਿਆ ਕਿ ਸਾਡੀ ਇਹ ਕੋਸ਼ਿਸ਼ ਹੈ ਕਿ ਕਿ ਅਸੀਂ ਆਪਣੇ ਸਿੱਖ ਇਤਿਹਾਸ ਨੂੰ ਆਪਣੇ ਸਕੂਲ ਵਿੱਚ ਬੱਚਿਆਂ ਨੂੰ ਪੜ੍ਹਾ ਕੇ ਉਹਨਾਂ ਨੂੰ ਮੋਟੀਵੇਟ ਕਰ ਸਕੀਏ ਸਾਡੀ ਇਹ ਪਹਿਲੀ ਕੋਸ਼ਿਸ਼ ਰਹਿੰਦੀ ਹੈ ਅਤੇ ਅਸੀਂ ਉਸ ਸ਼ਹੀਦੀ ਦਿਨਾਂ ਦੇ ਵਿੱਚ ਸਕੂਲ ਵਿੱਚ ਇਸ ਪੂਰੇ ਹਫਤੇ ਨੂੰ ਸ਼ਹੀਦੀ ਹਫਤੇ ਵਜੋਂ ਮਨਾਉਣ ਦੀ ਕੋਸ਼ਿਸ਼ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਡਿਬਰੂਗੜ੍ਹ ਜੇਲ੍ਹ ਚ ਨਜ਼ਰਬੰਦ ਬੰਦੀ ਸਿੰਘ ਭਾਈ ਬਸੰਤ ਸਿੰਘ ਦੀ ਮਾਤਾ ਜੀ ਨੂੰ ਕੀਤਾ ਗਿਆ ਅਗਨਭੇਟ-ਪੰਜਾਬ ਦੇ ਭਲੇ ਲਈ ਆਵਾਜ਼ ਉਠਾਉਣ ਵਾਲੇ ਬੰਦੀ ਸਿੰਘਾਂ ਨੂੰ ਪੈਰੋਲ ਨਹੀਂ, ਰਿਹਾਅ ਕਰੇ ਸਰਕਾਰ : ਬਾਬਾ ਬਿਬੇਕ ਸਿੰਘ

**ਜੰਡਿਆਲਾ ਗੁਰੂ, 11 ਦਸੰਬਰ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਵਾਰਸ਼ ਪੰਜਾਬ ਜਥੇਬੰਦੀ ਦੇ ਮੁਖੀ ਅਤੇ ਲੋਕ ਸਭਾ ਹਲਕਾ ਖਡੂਰ ਸਾਹਿਬ ਜੀ ਤੋਂ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਨਾਲ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰ ਬੰਦ ਸਾਥੀ ਭਾਈ ਬਸੰਤ ਸਿੰਘ ਜੀ ਦੀ ਮਾਤਾ ਕੁਝ ਦਿਨ ਪਹਿਲਾਂ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਮਾਤਾ ਜੀ ਦੇ ਮਿਰਤਕ ਸਰੀਰ ਨੂੰ ਅਗਨ ਭੇਟ ਕਰਨ ਲਈ ਭਾਈ ਬਸੰਤ ਸਿੰਘ ਜੀ ਨੂੰ ਅਪਣਾ ਫਰਜ਼ ਨਿਭਾਉਣ ਅਤੇ ਮਾਂ ਦੇ ਆਖਰੀ ਦਰਸ਼ਨ ਕਰਨ ਲਈ ਸਰਕਾਰ ਵੱਲੋਂ ਪੈਰੋਲ ਦਿੱਤੀ ਗਈ ਹੈ ਜਿਸ ਨੂੰ ਲੈਕੇ ਬਾਬਾ ਬਿਬੇਕ ਸਿੰਘ ਜੀ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਨੇ ਕਿਹਾ ਕਿ ਅਸੀਂ ਸਰਕਾਰ ਦਾ ਧੰਨਵਾਦ ਕਰਦੇ ਹਾਂ ਕਿ ਬੰਦੀ ਸਿੰਘ ਭਾਈ ਬਸੰਤ ਸਿੰਘ ਜੀ ਦੇ ਜਜ਼ਬਾਤਾਂ ਦੀ ਕਦਰ ਕੀਤੀ ਗਈ ਹੈ ਪਰ ਦੂਜੇ ਪਾਸੇ ਜੇਕਰ ਗੱਲ ਕਰੀਏ ਡਿਬਰੂਗੜ੍ਹ ਜੇਲ੍ਹ ਵਿੱਚ ਬੰਦੀ ਸਿੰਘਾਂ ਦੀ ਤਾਂ ਇਨ੍ਹਾਂ ਨੌਜਵਾਨਾਂ ਵੱਲੋਂ ਪੰਜਾਬ ਦੀ ਨੌਜਵਾਨੀ ਜੋ ਕੁਰਾਹੇ ਪੈ ਚੁੱਕੀ ਸੀ ਉਨ੍ਹਾਂ ਨੌਜਵਾਨਾਂ ਨੂੰ ਸਿੱਧੇ ਰਸਤੇ ਤੇ ਪੈ ਕਿ ਆਪਣੇ ਖ਼ਾਲਸੇ ਦੇ ਘਰ ਵਾਪਸੀ ਕਰਕੇ ਬਾਣੀ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਸੀ ਅਸੀਂ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਬੰਦੀ ਸਿੰਘਾਂ ਨੂੰ ਪੈਰੋਲ ਨਹੀਂ ਸਗੋਂ ਇਨ੍ਹਾਂ ਸਿੰਘਾਂ ਨੂੰ ਰਿਹਾਅ ਕਰਕੇ ਪੰਜਾਬ ਦੇ ਭਲੇ ਦੇ ਕਾਰਜਾਂ ਲਈ ਨੌਜਵਾਨਾਂ ਦਾ ਸਹਿਯੋਗ ਲਿਆ ਜਾਵੇ ਅਤੇ ਕੁਰਾਹੇ ਪੈ ਚੁੱਕੇ ਨੌਜਵਾਨਾਂ ਨੂੰ ਸਹੀ ਦਿਸਾ ਵੱਲ ਲਿਜਾਣ ਲਈ ਪ੍ਰੇਰਿਤ ਕੀਤਾ ਜਾਵੇ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਇਸ ਦੁਖ ਦੀ ਘੜੀ ਵਿੱਚ ਪ੍ਰੀਵਾਰ ਨਾਲ ਦੁੱਖ ਸਾਂਝਾ ਕਰਨ ਲਈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ,ਚਾਚਾ ਪ੍ਰਗਟ ਸਿੰਘ,ਚਾਚਾ ਸੁਖਚੈਨ ਸਿੰਘ, ਭਾਈ ਅਮਨਦੀਪ ਸਿੰਘ ਡੱਡੂਆਣਾ,ਯੋਧਾ ਸਿੰਘ ਬਾਬਾ ਬਕਾਲਾ, ਭਾਈ ਪ੍ਰਗਟ ਸਿੰਘ ਆਦਿ ਜਥੇਬੰਦੀ ਦੇ ਸਿੰਘਾਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਵੱਲੋਂ ਸਿਰਕਤ ਕੀਤੀ ਗਈ।



# ਪੰਥ ਸੇਵਕ ਸਖਸ਼ੀਅਤ ਭਾਈ ਦਲਜੀਤ ਸਿੰਘ ਵੱਲੋਂ ਬਾਦਲ ਦਲੀਆਂ ਨੂੰ ਸੁਣਾਈ ਗਈ ਤਨਖਾਹ ਬਾਰੇ ਲਿਖਤੀ ਬਿਆਨ

**ਵਾਹਿਗੁਰੂ ਜੀ ਕਾ ਖਾਲਸਾ॥**
**ਵਾਹਿਗੁਰੂ ਜੀ ਕੀ ਫਤਿਹ॥**

ਮਿਤੀ 17 ਮੱਘਰ ਨਾਨਕਸ਼ਾਹੀ ਸੰਮਤ 556 ਮੁਤਾਬਕ 02 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਗਿਆਨੀ ਰਘਬੀਰ ਸਿੰਘ ਤੇ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਵਿਚ ਪੰਜ ਸਿੰਘ ਸਾਹਿਬਾਨਾਂ ਵੱਲੋਂ ਬਾਦਲ ਦਲ ਦੇ ਦੋ ਧੜਿਆਂ ਦੇ ਆਗੂਆਂ

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਤਨਖਾਹ ਲਾਉਣ ਦੀ ਕੀਤੀ ਕਾਰਵਾਈ ਪੰਥਕ ਕਸੌਟੀ ਉੱਤੇ ਖਰੀ ਨਹੀਂ ਉਤਰੀ ਸਗੋਂ ਅਦਾਕਾਰਾਂ ਵਲੋਂ ਨਿਭਾਏ ਜਾ ਰਹੇ ਦ੍ਰਿਸ਼ ਨਿਆਈ ਪ੍ਰਤੀਤ ਹੋਈ ਹੈ। ਸੋ ਇਹ ਕਾਰਵਾਈ ਕਿਸੇ ਵੀ ਤਰ੍ਹਾਂ ਸਰਬਤ ਖਾਲਸਾ ਪੰਥ ਨੂੰ ਸੇਧਤ ਤੇ ਸੂਤਰਬਧ ਕਰਨ ਵਾਲੀ ਨਹੀਂ ਹੈ।

☛ **ਬਾਦਲ ਦਲ ਦੇ ਹੇਠ ਲਿਖੇ ਗੁਨਾਹ ਜਥੇਦਾਰਾਂ ਨੇ ਨਿਤਾਰੇ ਹਨ ਜੋ ਕਿ ਬਾਦਲ ਦਲੀਆਂ ਨੇ ਸਿਰੀ ਅਕਾਲ ਤਖਤ ਸਾਹਿਬ ਦੇ ਸਨਮੁਖ ਮੰਨੇ ਹਨ:**

1. ਬਾਦਲ ਦਲ ਦੇ ਆਗੂਆਂ ਵੱਲੋਂ ਸਮੁੱਚੇ ਰੂਪ ਵਿੱਚ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਖਾਲਸਾ ਪੰਥ ਉੱਤੇ ਸੂਖਮ ਅਤੇ ਸਥੂਲ ਹਮਲੇ (ਗੁਰੂ ਪਾਤਿਸ਼ਾਹ ਦੇ ਸਵਾਂਗ ਤੇ ਸ਼ਬਦ ਗੁਰੂ ਵਿਰੋਧੀ ਅਮਲ ਤੋਂ ਲੈ ਕੇ ਸ੍ਰੀ ਗੁਰੂ ਗਰੰਥ ਸਾਹਿਬ ਦੀ ਘੋਰ ਬੇਅਦਬੀ ਤੱਕ) ਕਰਨ ਵਾਲੇ ਗੁਰੂ ਦੋਖੀ ਸਿਰਸੇ ਵਾਲੇ ਪਾਖੰਡੀ ਅਤੇ ਜਾਲਮ ਪੁਲਿਸ ਅਫਸਰਾਂ ਨਾਲ ਸਹਿਯੋਗ ਕਰਨਾ ਅਤੇ ਉਹਨਾ ਦੀ ਪੁਸ਼ਤਪਨਾਹੀ ਕਰਨੀ।
2. ਸੌਦਾ ਸਾਧ ਮੁਆਫੀ ਕਾਂਡ ਵਿਚ ਅਕਾਲ ਤਖਤ ਸਾਹਿਬ ਦੀ ਸਿਰਮੌਰਤਾ ਨੂੰ ਢਾਹ ਲਾਉਣੀ।
3. ਸੌਦਾ ਸਾਧ ਮੁਆਫੀ ਕਾਂਡ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਆਪਣੇ ਰਾਜਸੀ ਹਿੱਤ ਲਈ ਵਰਤ ਕੇ ਉਸਦੀ ਧਾਰਮਿਕ ਸ਼ਾਖ ਨੂੰ ਖੋਰਾ ਲਾਉਣਾ।
4. ਪੰਥਕ ਮੁੱਦਿਆਂ ਨੂੰ ਵਿਸਾਰ ਕੇ ਅਕਾਲੀ ਦਲ ਨੂੰ ਇੱਕ ਪੰਜਾਬੀ ਪਾਰਟੀ ਬਣਾਉਣਾ।

**ਤਨਖਾਹ ਲਗਾਉਣ ਦੇ ਇਸ ਸਾਰੇ ਅਮਲ ਵਿੱਚ ਜੋ ਊਣਤਾਈਆਂ ਰਹੀਆਂ ਹਨ:-**

☛ ਗੁਨਾਹਾਂ ਦੇ ਕਾਰਨਾਂ ਦੀ ਵਿਆਪਕ ਪੜਚੋਲ ਦੀ ਅਣਹੋਂਦ

ਗੁਰ ਸੰਗਤਿ ਵੱਲੋਂ ਬਾਦਲ ਦਲ ਨੂੰ ਪਿਛਲੀਆਂ ਚਾਰ ਚੋਣਾਂ ਦੌਰਾਨ ਲੱਕ ਤੋੜਵੀ ਹਾਰ ਦੇ ਰੂਪ ਵਿੱਚ ਪਹਿਲਾਂ ਹੀ ਰਾਜਸੀ ਸਜ਼ਾ ਦਿੱਤੀ ਜਾ ਚੁੱਕੀ ਸੀ। ਪਰ ਜਥੇਦਾਰ ਰਾਜਸੀ ਗੁਨਾਹਾਂ ਦੀ ਵਿਆਪਕ ਪੜਚੋਲ ਕਰਵਾਉਣ ਵਿਚ ਨਾਕਾਮ ਰਹੇ ਹਨ। ਇਸ ਨੁਕਤੇ ਦੀ ਪੜਚੋਲ ਕਰਵਾਈ ਜਾਣੀ ਜਰੂਰ ਸੀ ਕਿ ਕੀ ਇਹ ਗੁਨਾਹ ਵਿਆਕਤੀਗਤ ਗਲਤੀ ਜਾਂ ਨੀਤੀਗਤ ਕੁਰਾਹਾ ਸਨ ਜਾਂ ਫਿਰ ਇਹ ਢਾਂਚਾਗਤ ਊਣਤਾਈ ਵਿਚੋਂ ਉਪਜੇ ਹਨ? ਰੋਗ ਦੀ ਜੜ੍ਹ ਲੱਭੇ ਤੋਂ ਬਿਨਾਂ ਉਸਦਾ ਇਲਾਜ ਕਰ ਸਕਣਾ ਔਖਾ ਹੁੰਦਾ ਹੈ। ਵਿਆਪਕ ਪੜਚੋਲ ਦੀ ਅਣਹੋਂਦ ਕਾਰਨ ਬੀਤੇ ਦੀ ਜਵਾਬਦੇਹੀ ਸਤਹੀ ਪਧਰ ਦੀ ਹੀ ਤਹਿ ਹੋ ਸਕੀ ਇਸ ਲਈ ਭਵਿਖ ਦਾ ਜੋ ਰਾਹ ਦਰਸਾਇਆ ਗਿਆ ਹੈ ਉਹ ਪੁਖਤਾ ਨਹੀਂ ਹੈ।



☛ **ਸਾਰੀ ਕਾਰਵਾਈ ਬਾਦਲ ਦਲ ਦੇ ਦੋ ਧੜਿਆਂ ਦੁਆਲੇ ਕੇਂਦਰਤ**

ਇਸ ਸਾਰੀ ਕਾਰਵਾਈ ਨੂੰ ਇਸ ਤਰ੍ਹਾਂ ਪੇਸ਼ ਕੀਤਾ ਗਿਆ ਹੈ ਕਿ ਜਿਵੇਂ ਸਰਬਤ ਖਾਲਸਾ ਪੰਥ ਨੂੰ ਸੇਧਤ ਤੇ ਸੂਤਰਬਧ ਕਰਨ ਦੀ ਸ਼ੁਰੂਆਤ ਕੀਤੀ ਗਈ ਹੋਵੇ। ਪਰ ਅਸਲ ਵਿਚ ਇਹ ਦੋ ਧੜਿਆਂ ਦੀ ਏਕਤਾ ਤੇ ਮੁੜ ਸਥਾਪਤੀ ਅਤੇ ਇਕ ਪੰਜਾਬੀ ਪਾਰਟੀ ਨੂੰ ਬੀਜੇਪੀ ਦੇ ਹੋਰ ਅਨੁਸਾਰੀ ਕਰਨ ਦੀ ਕਵਾਇਦ ਦੀ ਸ਼ੁਰੂਆਤ ਹੀ ਲਗਦੀ ਹੈ।

☛ **ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਸੰਬੰਧੀ ਅਸਪਸ਼ਟਤਾ:**

1947 ਤੋਂ ਬਾਅਦ ਇੰਡੀਅਨ ਵੋਟ ਤੰਤਰ ਦੀ ਰਾਜਨੀਤੀ ਵਿਚ ਅਕਾਲੀ ਦਲ ਦੇ ਦੋ ਸਰੂਪ ਮੁਖ ਰੂਪ ਵਿਚ ਪਰਚਲਤ ਰਹੇ ਹਨ। ਪਹਿਲਾ, ਗੁਰੂ ਖਾਲਸਾ ਪੰਥ ਦੀ ਨਿਆਰੀ ਤੇ ਸੁਤੰਤਰ ਪਹਿਚਾਣ ਅਧਾਰਤ ਪੰਥਕ ਮੁਦਿਆਂ ਦੀ ਰਾਜਨੀਤੀ ਵਾਲਾ ਅਤੇ ਦੂਜਾ 1995 ਮੋਗਾ ਕਾਨਫਰੰਸ ਤੋਂ ਬਾਅਦ ਵਾਲੀ ਪੰਜਾਬੀ ਪਾਰਟੀ।

ਸੋ ਹੁਣ ਜੋ ਨਵੀਂ ਭਰਤੀ ਦਾ ਆਦੇਸ਼ ਹੋਇਆ ਹੈ ਇਹ ਅਕਾਲੀ ਦਲ ਦੇ ਕਿਸ ਸਰੂਪ ਨੂੰ ਪੁਨਰ ਸੁਰਜੀਤ ਕਰਨ ਦੀ ਕਵਾਇਦ ਹੈ? ਇਸ ਸੰਬੰਧੀ ਕੋਈ ਸਪਸ਼ਟਤਾ ਨਹੀਂ ਕੀਤੀ ਗਈ।

☛ **ਤਨਖਾਹ ਦੀ ਜੁਗਤਿ ਵਿਚ ਊਣਤਾਈਆਂ ਤੇ ਗਲਤੀਆਂ:**

ਬਾਦਲ ਦਲ ਦੀ ਸਮੁੱਚੀ ਆਗੂ ਜਮਾਤ ਨੇ, ਸਮੇਤ ਸੁਖਬੀਰ ਸਿੰਘ ਬਾਦਲ ਦੇ, ਆਪਣੇ ਜੋ 'ਗੁਨਾਹ' ਕਬੂਲ ਕੀਤੇ ਹਨ ਉਹ ਗੁਰੂ ਗਰੰਥ ਤੇ ਗੁਰੂ ਪੰਥ ਨਾਲ ਵਿਸਾਹਘਾਤ ਦੀ ਲੰਮਾ ਸਮਾਂ ਕੀਤੀ ਰਾਜਨੀਤੀ ਦਾ ਕਰੂਪ ਅਮਲ ਪੇਸ਼ ਕਰਦੇ ਹਨ। ਪਰ ਇਸੇ ਦੇ ਇਵਜ਼ ਵਿਚ ਉਹਨਾ ਨੂੰ ਜੋ ਤਨਖਾਹ ਲਗਾਈ ਗਈ ਹੈ ਓਹ ਕਿਸੇ ਸਿਖ ਵਲੋਂ ਸਖਸ਼ੀ ਰਹਿਤ ਦੀ ਅਵੱਗਿਆ ਦੀ ਹੈ ਨਾ ਕਿ ਰਾਜ ਅਭਿਮਾਨ ਵਿਚ ਕੀਤੇ ਵਿਸਾਹ ਘਾਤ ਦੀ।

ਦੂਸਰਾ ਜਥੇਦਾਰਾਂ ਵਲੋਂ ਸੁਖਬੀਰ ਸਿੰਘ ਅਤੇ ਸੁਖਦੇਵ ਸਿੰਘ ਵਰਗੇ ਗੁਨਾਹਗਾਰਾਂ ਨੂੰ ਨੀਲਾ ਬਾਣਾ ਪਵਾ ਕੇ ਸਤਿਗੁਰ ਨਾਨਕ ਸੱਚੇ ਪਾਤਿਸਾਹ ਦਰਬਾਰ ਦੇ ਬਰਛਾ ਬਰਦਾਰ ਜੇਹੀ ਸਨਮਾਨਿਤ ਸੇਵਾ ਦੇਣੀ ਹੀ ਆਪਣੇ ਆਪ ਵਿਚ ਤਨਖਾਹ ਤੇ ਪੰਥਕ ਰਵਾਇਤਾਂ ਦੀ ਉਲੰਘਣਾ ਹੈ ਅਤੇ ਦਸਮ ਪਾਤਸ਼ਾਹ ਜੀ ਵਲੋਂ ਬਖਸ਼ੇ ਨੀਲੇ ਬਾਣੇ ਦੀ ਤੌਹੀਨ ਤੇ ਗੁਰਮਤਿ ਦੀ ਸੋਝੀ ਨਾ ਹੋਣ ਦਾ ਸਬੂਤ ਹੈ।

ਸੋ, ਗੁਰ ਸੰਗਤਿ ਦੀਆਂ ਭਾਵਨਾ ਅਨੁਸਾਰ ਸਜ਼ਾ ਨਾ ਦੇ ਸਕਣਾ ਸ਼੍ਰੋ.ਗੁ.ਪ੍ਰ.ਕ. ਤਹਿਤ ਤਖਤ ਸਾਹਿਬਾਨ ਦੇ ਸੇਵਾ ਨਿਜ਼ਾਮ ਤੇ ਇਸ ਨਿਜ਼ਾਮ ਦੇ ਅਮਲਾਂ ਦੀ ਸੀਮਤਾਈ ਨੂੰ ਪਰਗਟ ਕਰਦਾ ਹੈ।

☛ **ਆਦੇਸ਼ ਵਿਚ ਬੁਨਿਆਦੀ ਵਿਰੋਧਾਭਾਸ**

ਆਪਣੇ ਆਦੇਸ਼ ਨੰਬਰ ਅ 3/206 ਵਿਚ ਜਥੇਦਾਰ ਆਪ ਹੀ ਮੰਨਦੇ ਹਨ ਕਿ ਆਪਣੇ ਗੁਨਾਹਾਂ ਕਾਰਨ ਇਹ ਆਗੂ ਜਮਾਤ ਗੁਰਸੰਗਤਿ ਦੀ ਰਾਜਸੀ ਅਗਵਾਈ ਕਰਨ ਦਾ ਨੈਤਿਕ ਅਧਿਕਾਰ ਗਵਾ ਚੁੱਕੀ ਹੈ ਪਰ ਇਸ ਆਦੇਸ਼ ਦੇ ਅਗਲੇ ਨੁਕਤੇ ਵਿਚ ਅਕਾਲੀ ਦਲ ਦੀ ਪੁਨਰ ਸੁਰਜੀਤੀ ਲਈ ਨਿਰਪੱਖ ਪੰਥ ਦਰਦੀਆਂ ਦੀ ਬਜਾਏ ਬਾਦਲ ਦਲ ਦੇ ਹੀ ਆਗੂਆਂ ਦੀ ਇਕ ਕਮੇਟੀ ਬਣਾ ਦਿਤੀ ਗਈ ਹੈ ਜੋ ਕਿ ਬੁਨਿਆਦੀ ਰੂਪ ਵਿਚ ਆਪਾ ਵਿਰੋਧੀ ਗੱਲ ਹੈ।

☛ **ਫੈਸਲਾ ਲੈਣ ਦੀ ਜੁਗਤਿ**

ਖਾਲਸਾ ਪੰਥ ਵਿਚ ਗੁਰਮਤਾ ਕਰਨ ਦੀ ਵਿਧੀ ਪਾਰਦਰਸ਼ੀ, ਸੰਗਤੀ ਅਤੇ ਪੰਚ ਪ੍ਰਧਾਨੀ ਪ੍ਰਣਾਲੀ ਅਧਾਰਤ ਹੈ ਜਿਸ ਵਾਸਤੇ ਅਜਿਹਾ ਫੈਸਲਾ ਲੈਣ ਲਈ ਪੰਥਕ ਖੇਤਰ ਵਿਚ ਵਿਚਰਦੇ ਧਾਰਮਿਕ ਤੇ ਪੰਥਕ ਰਾਜਸੀ ਜਥਿਆਂ, ਸੰਪਰਦਾਵਾਂ ਤੇ ਪਰਬੰਧਕੀ ਸੰਸਥਾਵਾਂ ਦੀ ਸ਼ਮੂਲੀਅਤ ਲਾਜਮੀ ਸੀ ਪਰ ਜਾਪਦਾ ਹੈ ਕਿ ਰਾਜਸੀ ਧਿਰਾਂ ਦੇ ਪ੍ਰਭਾਵ ਅਧੀਨ ਜਥੇਦਾਰਾਂ ਵੱਲੋਂ ਅਜਿਹਾ ਨਹੀਂ ਕੀਤਾ ਗਿਆ। ਇਸ ਲਈ ਬਾਦਲ ਦਲੀਆਂ ਨੂੰ ਤਨਖਾਹ ਲਾਉਣ ਦਾ ਤਰੀਕਾਕਾਰ ਗੁਰਮਤੇ ਦੀ ਪੰਥਕ ਰਿਵਾਇਤ ਦੇ ਅਨੁਸਾਰੀ ਨਹੀਂ ਸੀ।

☛ **ਜਥੇਦਾਰਾਂ ਦੀ ਨਿੱਜੀ ਨਿਰਪੱਖਤਾ ਅਤੇ ਪੰਥ ਪ੍ਰਤੀ ਵਚਨਬੱਧਤਾ**

ਸ਼੍ਰੋ.ਗੁ.ਪ੍ਰ.ਕ. ਵੱਲੋਂ ਨੀਯਤ ਜਥੇਦਾਰ ਸਮੁੱਚੇ ਪੰਥ ਨੂੰ ਵਿਸ਼ਵਾਸ਼ ਵਿਚ ਲੈ ਕੇ ਨਿਯੁਕਤ ਕੀਤੇ ਜਥੇਦਾਰ ਨਹੀਂ ਹਨ ਸਗੋਂ ਉਹ ਬਾਦਲ ਦਲ ਵੱਲੋਂ ਸਿਰਜੇ ਤਾਣੇ-ਬਾਣੇ ਦੇ ਲਾਭਪਾਤਰੀ ਹਨ।

ਬਾਦਲ ਦਲੀਆਂ ਵਲੋਂ ਕਬੂਲੇ ਗੁਨਾਹ ਖਾੜਕੂ ਲਹਿਰ, ਸਿਰਸੇ ਵਾਲੇ ਪਾਖੰਡੀ ਵਿਰੁਧ ਲਹਿਰ ਅਤੇ ਗੁਰੂ ਗਰੰਥ ਸਾਹਿਬ ਬੇਅਦਬੀ ਇਨਸਾਫ ਲਹਿਰ ਦੁਆਲੇ ਕੇਂਦਰਤ ਹਨ।

ਇਹਨਾਂ ਤਿੰਨ ਲਹਿਰਾਂ ਵਿਚ ਦਸਮੇਸ਼ ਪਿਤਾ ਜੀ ਦੀ ਮਿਹਰ ਦੇ ਸਦਕਾ ਅਹਿਮ ਸੇਵਾਵਾਂ ਨਿਭਾਉਣ ਵਾਲੇ ਜਥਿਆਂ, ਸੰਸਥਾਵਾਂ ਤੇ ਸਖਸ਼ੀਅਤਾਂ ਨੂੰ ਇਸ ਸਾਰੇ ਅਮਲ ਤੋਂ ਲਾਂਭੇ ਰਖ ਕੇ ਜਥੇਦਾਰਾਂ ਨੇ ਸਰਬਤ ਖਾਲਸਾ ਪੰਥ ਪ੍ਰਤੀ ਆਪਣੀ ਵਚਨਵਧਤਾ ਦੀ ਬਜਾਏ ਸਿਰਫ ਬਾਦਲ ਦਲ ਪ੍ਰਤੀ ਆਪਣੀ ਵਫਾਦਾਰੀ ਸਾਬਤ ਕੀਤੀ ਹੈ।

ਇਕ ਜਥੇਦਾਰ ਤਾਂ ਅਜੇ ਕੁਛ ਸਮਾਂ ਪਹਿਲਾਂ ਤਕ ਦਿਲੀ ਤਖਤ ਦੇ ਵਜੀਰਾਂ ਨਾਲ ਸਿਧਾ ਰਾਬਤਾ ਰਖਣ ਕਰਕੇ ਅਤੇ ਆਪਣੀ ਸੁਰਖਿਆ ਲਈ ਬਾਬਰ ਕਿਆਂ ਦੇ ਕਮਾਂਡੋ ਰਖਣ ਕਰਕੇ ਨੁਕਤਾਚੀਨੀ ਦਾ ਸ਼ਿਕਾਰ ਹੁੰਦੇ ਆਏ ਹਨ।

ਇੰਝ ਸ਼੍ਰੋ.ਗੁ.ਪ੍ਰ.ਕ. ਵੱਲੋਂ ਨੀਯਤ ਜਥੇਦਾਰਾਂ ਦੀ ਨਿਰਪੱਖਤਾ ਤੇ ਨਿਸ਼ਕਾਮਤਾ ਦੋਵੇਂ ਹੀ ਸਵਾਲਾਂ ਦੇ ਘੇਰੇ ਵਿਚ ਹਨ।

☛ **ਜੋ ਕਰਨਾ ਬਣਦਾ ਸੀ**

ਸਿਰੀ ਅਕਾਲ ਤਖਤ ਸਾਹਿਬ ਤੋਂ ਹੋਈ ਕਾਰਵਾਈ ਇੰਡੀਅਨ ਵੋਟਤੰਤਰ ਅਧੀਨ ਚਲਣ ਵਾਲੀ ਇਕ ਰਾਜਸੀ ਪਾਰਟੀ ਉਤੇ ਕੇਂਦਰਤ ਹੋਣ ਦੀ ਬਜਾਏ ਮੁਕੰਮਲ ਪੰਥਕ ਜਥੇਬੰਦਕ ਜੁਗਤਿ ਦੀ ਪੁਨਰ ਸੁਰਜੀਤੀ ਉਤੇ ਕੇਂਦਰਤ ਹੋਣੀ ਚਾਹੀਦੀ ਸੀ।

ਮੁਕੰਮਲ ਪੰਥਕ ਜਥੇਬੰਦਕ ਜੁਗਤਿ ਖਾਲਸਾ ਪੰਥ ਦੇ ਤਖਤ ਸਾਹਿਬਾਨ ਦੀ ਸਿਰਮੌਰਤਾ ਦੀ ਬਹਾਲੀ ਲਈ ਤਖਤ ਸਾਹਿਬ ਦੀ ਸੇਵਾ ਸੰਭਾਲ ਦਾ ਪੰਥਕ ਨਿਜ਼ਾਮ ਸਿਰਜਣਾ, ਗੁਰਦੁਆਰਾ ਪ੍ਰਬੰਧਨ ਵਿਚ ਖੁਦਮੁਖਤਿਆਰੀ ਸਥਾਪਤ ਕਰਨਾ, ਖਾਲਸਾ ਪੰਥ ਦੇ ਪਾਤਿਸ਼ਾਹੀ ਦਾਅਵੇ ਅਨੁਸਾਰੀ ਦੇਸ-ਕਾਲ ਘੜਨ ਦੇ ਸੰਗਰਾਮ ਨੂੰ ਸੂਤਰਬੱਧ ਕਰਨਾ ਅਤੇ ਇੰਡੀਅਨ ਨਿਜ਼ਾਮ ਸਮੇਤ ਕਿਸੇ ਵੀ ਦੁਨਿਆਵੀ ਤਖਤ ਅਧੀਨ ਚਲ ਰਹੀ ਵੋਟ ਰਾਜਨੀਤੀ ਨੂੰ ਸੂਤਰਬਧ ਕਰਨਾ ਪ੍ਰਮੁੱਖ ਖੇਤਰ ਬਣਦੇ ਹਨ।

ਇਸ ਸਾਰੀ ਕਵਾਇਦ ਵਿਚ ਗੁਰੂ ਖਾਲਸਾ ਪੰਥ ਅਤੇ ਗੁਰਸੰਗਤਿ ਦੇ ਵਿਸ਼ਵ ਭਰ ਵਿਚ ਵੱਖ-ਵੱਖ ਖੇਤਰਾਂ ਵਿਚ ਸਰਗਰਮ ਜਥਿਆਂ ਤੇ ਸੰਸਥਾਵਾਂ ਨੂੰ ਸ਼ਾਮਲ ਕਰਕੇ ਰਵਾਇਤੀ ਪੰਥਕ ਜੁਗਤਿ ਅਨੁਸਾਰ ਗੁਰਮਤਾ ਬੁਲਾਉਣ ਦੀ ਕਵਾਇਦ ਦੀ ਸ਼ੁਰੂਆਤ ਕੀਤੀ ਜਾਣੀ ਚਾਹੀਦੀ ਸੀ।

ਵੱਲੋਂ:
**ਭਾਈ ਦਲਜੀਤ ਸਿੰਘ**
24 ਮੱਘਰ 556 ਨਾਨਕਸ਼ਾਹੀ (9 ਦਸੰਬਰ 2024 ਈ.)

# ਸੁਖਬੀਰ ਬਾਦਲ ਦਾ ਸੀਰੀ ਬਣ ਗਿਆ ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ





**- ਭੁਪਿੰਦਰ ਸਿੰਘ ਛੇ ਜੂਨ**
**(ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**
**ਮੋ : 98884-29938**

**ਵਿਚਾਰ ਆਪੋ-ਆਪਣਾ**

ਭਾਈ ਨਰਾਇਣ ਸਿੰਘ ਚੌੜਾ ਨੂੰ ਪੰਥ ਵਿੱਚੋਂ ਛੇਕਣ ਦੀ ਵਕਾਲਤ ਕਰਨ ਵਾਲੇ ਹਰਜਿੰਦਰ ਸਿਹੁੰ ਧਾਮੀ ਨੂੰ ਨਹੀਂ ਪਤਾ ਕਿ ਬੇਅਦਬੀ ਵਿੱਚ ਕਿਹਨਾਂ ਦਾ ਹੱਥ ਸੀ ਤੇ ਕਿਹਨਾਂ ਨੇ ਬੇਅਦਬੀਆਂ ਦੇ ਦੋਸ਼ੀਆਂ ਦਾ ਸਾਥ ਦਿੱਤਾ ਕੇ ਯਾਂ ਹਰਜਿੰਦਰ ਧਾਮੀ ਦਾ ਜਨਮ ਹੀ 2015 ਤੋਂ ਬਾਅਦ ਵਿੱਚ ਹੋਇਆ ਹੈ।ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕੀ ਕੌਮ ਦੇ ਸ਼ਹੀਦਾਂ ਨੂੰ ਹਰ ਵੇਲੇ ਮਾੜਾ ਬੋਲਣ ਵਾਲੇ ਅਤੇ ਗੁਰੂ ਘਰਾਂ ਤੇ ਟੀਕਾ ਟਿੱਪਣੀ ਕਰਨ ਵਾਲੇ ਬਾਂਦਰ ਸੈਨਾ ਨਾਲ ਸੁਖਬੀਰ ਬਾਦਲ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵੇਲੇ ਗੱਠਜੋੜ ਦਾ ਐਲਾਨ ਕੀਤਾ ਸੀ। ਕੇ ਜਾਂ ਉਸ ਵੇਲੇ ਹਰਜਿੰਦਰ ਧਾਮੀ ਕੋਮਾ ( ਬੇਸੁਰਤੀ) ਵਿੱਚ ਸੀ। ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕਿ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੂੰ ਮਾੜਾ ਬੋਲਣ ਵਾਲੇ ਧੇਲੇ ਦੇ ਲਾਲਾਂ ਜਗਤ ਨਰਾਇਣ ਨੂੰ ਚੰਦੂਮਾਜਰਾ ਉਸ ਲਾਲੇ ਦੀ ਬਰਸੀ ਤੇ ਜਾਕੇ ਲਾਲੇ ਨੂੰ ਸ਼ਹੀਦ ਕਹਿ ਕੇ ਆਇਆ ਸੀ। ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕੀ 2017 ਦੀ ਚੋਣਾਂ ਵੇਲੇ ਸਿਕੰਦਰ ਸਿੰਘ ਮਲੂਕਾ ਨੇ ਅਰਦਾਸ ਹੀ ਬਦਲ ਦਿੱਤੀ ਸੀ । ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕਿ ਜਨਾਨੀ ਬਾਜ਼ ਸੁੱਚਾ ਲੰਗਾਹ ਨੇ ਗੁਰੂ ਘਰ ਦਾ ਇਤਿਹਾਸ ਸੁਣਾਉਂਦੇ ਢਾਡੀਆਂ ਨਾਲ ਬਦਸਲੂਕੀ ਕੀਤੀ ਸੀ ਤੇ ਉਸੇ ਸੁੱਚੇ ਲੰਗਾਹ ਦਾ ਮੁੰਡਾ ਚਿੱਟਾ ਅਤੇ ਕੁੜੀਆਂ ਨਾਲ ਹਿਮਾਚਲ ਵਿੱਚ ਫੜਿਆ ਗਿਆ ਸੀ। ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕਿ ਸਰਸੇ ਵਾਲੇ ਬਲਾਤਕਾਰੀ ਨੇ ਜਦ ਦਸਮ ਪਿਤਾ ਦਾ ਸਵਾਂਗ ਰਚਿਆ ਸੀ ਉਹ ਕੱਪੜੇ ਸੁਖਬੀਰ ਬਾਦਲ ਨੇ ਭੇਜੇ ਸੀ ਇਹ ਗੱਲ ਕਾਲੀਆਂ ਦੇ ਸਾਥੀ ਵੀ ਕਬੂਲ ਕਰ ਚੁੱਕੇ ਹਨ। ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੀਆ ਬੇਅਦਬੀਆ ਕਰਨ ਵਾਲੇ ਸਰਸੇ ਸਾਧ ਨਾਲ ਪਰਮਿੰਦਰ ਢੀਂਡਸਾ ਨੇ ਆਪਣੇ ਗਹਿਣੇ ਪਿਆਰ ਦਾ ਇਜ਼ਹਾਰ ਕੇਮਰੇ ਸਾਹਮਣੇ ਕਰ ਚੁੱਕਾ ਹੈ। ਕੀ ਹਰਜਿੰਦਰ ਧਾਮੀ ਨਹੀਂ ਪਤਾ ਕਿ 328 ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦਾ ਹਿਸਾਬ ਅਜੇ ਤੱਕ ਸ਼੍ਰੋਮਣੀ ਕਮੇਟੀ ਨਹੀਂ ਦੇ ਸਕੀ ਅਤੇ ਉਸ ਦੇ ਗੁ.ਨਾਹਗਾਰ ਖੁਦ ਸ਼੍ਰੋਮਣੀ ਕਮੇਟੀ ਵਾਲੇ ਹਨ। ਕੀ ਹਰਜਿੰਦਰ ਸਿੰਘ ਨੂੰ ਨਹੀਂ ਪਤਾ ਜੂਨ 1984 ਵਿੱਚ ਭਾਰਤੀ ਫ਼ੌਜ ਵੱਲੋਂ ਸਿੱਖ ਲਾਇਬਰੇਰੀ ਵਿੱਚ ਲੁੱਟਿਆ ਗਿਆ ਧਾਰਮਿਕ ਖਜ਼ਾਨਾ ਬਾਦਲਾਂ ਨੂੰ ਵਾਪਸ ਮੋੜ ਦਿੱਤਾ ਹੈ ਪਰ ਬਾਦਲ ਦੱਸ ਨਹੀਂ ਰਹੇ ਕਿ ਉਹ ਖਜ਼ਾਨਾ ਕਿੱਥੇ ਹੈ । ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕਿ ਜਿਹੜੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸਿੱਖੀ ਦਾ ਪ੍ਰਚਾਰ ਕਰਨਾ ਸੀ ਉਹਨਾਂ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਬੱਚੇ ਸਿਰਾਂ ਤੋਂ ਮੋਨੇ ਹਨ ਤੇ ਸਿੱਖੀ ਤੋਂ ਦੂਰ ਜਾ ਚੁੱਕੇ ਹਨ। ਕੀ ਹਰਜਿੰਦਰ ਧਾਮੀ ਨਹੀਂ ਪਤਾ ਕੌਮ ਦੀ ਲੱਥੀ ਪੱਗ ਸਿਰ ਤੇ ਰੱਖਣ ਵਾਲੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਸਾਬ ਨੂੰ ਸੁਖਬੀਰ ਬਾਦਲ ਕਾਤਲ ਕਹਿ ਚੁੱਕਾ ਹੈ। ਕੀ ਹਰਜਿੰਦਰ ਧਾਮੀ ਨੂੰ ਨਹੀਂ ਪਤਾ ਕਿ ਦਰਬਾਰ ਸਾਹਿਬ ਤੇ ਹਮਲਾ ਕਰਨ ਵਾਲੀ ਇੰਦਰਾ ਨੂੰ ਹਮਲੇ ਲਈ ਮਜਬੂਰ ਕਰਨ ਵਿੱਚ ਭਾਜਪਾ ਵਾਲੇ ਵੀ ਸਨ ਤੇ ਉਸੇ ਭਾਜਪਾ ਨਾਲ ਬਾਦਲਾਂ ਨੇ ਗੱਠਜੋੜ ਕਰਕੇ ਸਰਕਾਰ ਚਲਾਈ ਹੈ। ਕੀ ਹਰਜਿੰਦਰ ਧਾਮੀ ਇਹਨਾਂ ਸਾਰੀਆਂ ਘਟਨਾਵਾਂ ਤੋਂ ਅਣਜਾਣ ਹਨ । ਯਾਂ ਧਾਮੀ ਸਾਬ ਦੀ ਦਿਮਾਗੀ ਬਿਮਾਰੀ ਦਾ ਦਵਾਈ ਚੱਲਦੀ ਸੀ। ਧਾਮੀ ਸਾਬ ਬਾਦਲਾਂ ਦੀ ਚਮਚਾਗਿਰੀ ਕਰਨੀ ਹੈ ਤੇ ਜੰਮ ਜੰਮ ਕਰੋ । ਪਰ ਜਿਹੜੇ ਅਹੁਦੇ ਤੇ ਬੈਠੇ ਓ ਉਸ ਅਹੁਦੇ ਦੀ ਮਾਣ ਮਰਿਆਦਾ ਤੇ ਸਤਿਕਾਰ ਦਾ ਖਿਆਲ ਰੱਖੋ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਨਾਥ ਦੀ ਖੂਹੀ ਵਿਖੇ ਫਰੀ ਵਾਲੀ ਕਣਕ ਸਰਪੰਚ ਨਿਰਮਲ ਕੌਰ ਦੀ ਅਗਵਾਈ ਹੇਠ ਵੰਡੀ



**ਚੌਕ ਮਹਿਤਾ, 11 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਮਜੀਠਾ, ਬਲਾਕ ਤਰਸਿੱਕਾ ਦੇ ਪਿੰਡ ਨਾਥ ਦੀ ਖੂੱਹੀ( ਚੰਨਣਕੇ) ਵਿੱਖੇ ਸਰਕਾਰ ਵੱਲੋਂ ਭੇਜੀ ਗਈ ਕਣਕ ਸਰਪੰਚ ਸ੍ਰੀ ਮਤੀ ਨਿਰਮਲ ਕੌਰ ਦੀ ਅਗਵਾਈ ਹੇਠ ਵੰਡੀ ਗਈ, ਲੋਕਾਂ ਨੇ ਸਰਕਾਰ ਅਤੇ ਸਰਪੰਚ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਮੈਬਰ ਕਰਮਜੀਤ ਕੌਰ, ਮੈਬਰ ਸਕਤੀ ਸਿੰਘ,, ਮੈਬਰ ਕੰਵਲਜੀਤ ਸਿੰਘ, ਮੈਬਰ ਹਰਪਾਲ ਸਿੰਘ, ਡਿਪੂ ਹੋਲਡਰ ਬਾਉ ਅਸ਼ੋਕ ਕੁਮਾਰ ਸਰਪੰਚ ਲਖਵਿੰਦਰ ਸਿੰਘ, ਆਦਿ ਆਗੂ ਹਾਜ਼ਰ ਸਨ।

# 'ਆਪ' ਦੇ ਪਰਿਵਾਰ ਵਿੱਚ ਹੋਇਆ ਵਾਧਾ



**ਅੱਜ ਜਲੰਧਰ ਤੋਂ ਸਾਬਕਾ ਕੌਂਸਲਰ ਅਰੁਣ ਅਰੋੜਾ ਅਤੇ ਵਿਨੀਤ ਸਮੇਤ ਭਾਜਪਾ ਤੋਂ ਅਮਿਤ ਲੂਥਰਾ, ਕੁਲਜੀਤ ਹੈਪੀ ਅਤੇ ਮੋਹਿਤ ਸੇਠ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਵਾਇਆ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)**

### ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਵਸ ਤੇ ਭਾਰਤ ਅੰਦਰ ਸਿੱਖਾਂ ਸਮੇਤ ਘੱਟਗਿਣਤੀ ਕੌਮਾਂ ਦੇ ਕੁਚਲੇ ਜਾ ਰਹੇ ਮਾਨਵੀ ਅਧਿਕਾਰਾਂ ਦੇ ਖਿਲਾਫ

# ਯੂ.ਐਨ.ਓ.ਜਨੇਵਾ ਦੇ ਦਫਤਰ ਸਾਹਮਣੇ ਵਰਲਡ ਸਿੱਖ ਪਾਰਲੀਮੈਂਟ ਵੱਲੋਂ ਕੀਤਾ ਗਿਆ ਰੋਸ ਪ੍ਰਦਰਸ਼ਨ




**ਫਰੈਂਕਫਰਟ/ਨਵੀਂ ਦਿੱਲੀ, 11 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**-ਯੂਰਪ ਦੇ ਵੱਖ ਵੱਖ ਦੇਸ਼ਾਂ ਤੋਂ ਪਹੁੰਚੇ ਵਰਲਡ ਸਿੱਖ ਪਾਰਲੀਮੈਂਟ ਦੇ ਮੈਂਬਰਾਂ ਵੱਲੋਂ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਵਸ ਤੇ ਭਾਰਤ ਅੰਦਰ ਸਿੱਖਾਂ ਸਮੇਤ ਘੱਟਗਿਣਤੀ ਕੌਮਾਂ ਦੇ ਕੁਚਲੇ ਜਾ ਮਾਨਵੀ ਅਧਿਕਾਰਾਂ, ਰਾਜਸੀ ਸਿੱਖ ਕੈਦੀਆਂ ਦੀ ਰਿਹਾਈ, ਪੰਜਾਬ ਦੀ ਕਿਸਾਨੀ, ਪੰਜਾਬੀ ਬੋਲੀ, ਪਾਣੀਆਂ ਤੇ ਨਸ਼ਿਆਂ ਨਾਲ ਕੀਤੀ ਜਾ ਰਹੀ ਨਸਲਕੁਸ਼ੀ ਦੇ ਖਿਲਾਫ ਯੂ. ਐਨ. ਓ. ਜਨੇਵਾ ਦਫਤਰ ਦੇ ਸਾਹਮਣੇ ਵਰਲਡ ਸਿੱਖ ਪਾਰਲੀਮੈਂਟ ਵੱਲੋਂ ਰੋਸ ਪ੍ਰਦਰਸ਼ਨ ਕਤਿਾ ਗਿਆ ਤੇ ਮਾਨਵੀ ਅਧਿਕਾਰਾਂ ਦੀ ਕੀਤੀਆਂ ਜਾ ਰਹੀਆਂ ਘੋਰ ਉਲੰਘਣਾਵਾਂ ਨੂੰ ਦਰਸਾਉਂਦੀ ਪ੍ਰਦਰਸ਼ਨੀ ਲਗਾਈ ਗਈ ।

ਦੂਸਰੇ ਸੰਸਾਰ ਯੁੱਧ ਦੀ ਤਬਾਹੀ ਤੋਂ ਬਾਅਦ ਹੋਂਦ ਵਿੱਚ ਆਈ ਯੂ ਐਨ ਓ ਵੱਲੋਂ 10 ਦਸੰਬਰ 1948 ਨੂੰ ਮਨੁੱਖੀ ਅਧਿਕਾਰਾਂ ਦਾ ਚਾਰਟਰ ਬਣਾਇਆ ਗਿਆ ਸੀ ਜਿਸ ਅਨੁਸਾਰ ਸੰਸਾਰ ਦੇ ਹਰ ਬਾਸ਼ਿੰਦੇ ਦੀ ਮੁੱਢਲੀ ਅਜ਼ਾਦੀ ਦੇ ਹੱਕਾਂ ਨੂੰ ਤਸਲੀਮ ਕਰਕੇ ਉਹਨਾਂ ਹੱਕਾਂ ਨੂੰ ਖੋਹਣ ਵਾਲਿਆਂ ਨੂੰ ਕਟਹਿਰੇ ਵਿੱਚ ਜਵਾਬਦੇਹ ਬਣਾਉਣ ਜਾਵੇ । ਮਨੁੱਖੀ ਹੱਕਾਂ ਦੇ ਬਣਾਏ ਚਾਰਟਰ ਦੀ ਭੂਮਿਕਾ ਵਿੱਚ ਬੜੇ ਸਪੱਸ਼ਟ ਸ਼ਬਦਾਂ ਵਿੱਚ ਲਿਖਿਆ ਹੋਇਆ ਹੈ ਕਿ ਕੋਈ ਵੀ ਮਨੁੱਖ ਆਪਣੇ ਅਖੀਰਲੇ ਹਥਿਆਰ-ਬਗਾਵਤ ਦੇ ਰਸਤੇ ’ਤੇ ਜਾਣ ਲਈ ਮਜਬੂਰ ਹੋਵੇਗਾ, ਜੇ ਕਾਨੂੰਨ ਦਾ ਰਾਜ ਉਸ ਦੇ ਮਨੁੱਖੀ ਹੱਕਾਂ ਨੂੰ ਸੁਰੱਖਿਅਤ ਨਹੀਂ ਕਰ ਸਕੇਗਾ।

ਯੂ. ਐਨ. ਚਾਰਟਰ ਤੇ ਜਨੇਵਾ ਕਨਵੈਨਸ਼ਨਾਂ ਦੇ ਫੈਸਲਿਆਂ ਦਾ ਇੱਕ ਬੜਾ ਅਹਿਮ ਪੱਖ ਇਹ ਹੈ ਕਿ ਅੱਡ-ਅੱਡ ਕੌਮਾਂ, ਦੇਸ਼ਾਂ, ਲੋਕਾਂ ਦੇ ਆਤਮ ਨਿਰਣੇ ਦੇ ਹੱਕ ਨੂੰ ਪ੍ਰਵਾਨ ਕੀਤਾ ਗਿਆ ਹੈ, ਤਾਂ ਕਿ ਕੋਈ ਵੀ ਸ਼ਕਤੀਸ਼ਾਲੀ ਦੇਸ਼ ਜਾਂ ਸਮਾਜਿਕ ਢਾਂਚਾ ਕਮਜ਼ੋਰ ਜਾਂ ਘੱਟਗਿਣਤੀ ਕੌਮਾਂ, ਲੋਕਾਂ ’ਤੇ ਗਲਬਾ ਨਾ ਪਾ ਸਕੇ । ਕੱਲ ਦੇ ਰੋਸ ਪ੍ਰਦਰਸ਼ਨ ਵਿੱਚ ਭਾਰਤ ਵੱਲੋਂ ਯੂ. ਐਨ. ਚਾਰਟਰ ਉੱਪਰ ਸਹਿਮਤੀ ਪਾ ਕੇ ਵੀ ਸਿੱਖ ਕੌਮ ਤੇ ਘੱਟ ਗਿਣਤੀ ਕੌਮਾਂ ਉਪੱਰ ਕੀਤੇ ਜਾ ਰਹੇ ਜਬਰ ਜ਼ੁਲਮ ਅਤੇ ਉਹਨਾਂ ਦੇ ਮਨੁੱਖੀ ਹੱਕਾਂ ਨੂੰ ਜਬਰੀ ਖੋਹਣ ਦੇ ਅਮਲ ਨੂੰ ਇਨਸਾਫ ਰੈਲੀ ਵਿੱਚ ਉਜਾਗਰ ਕੀਤਾ ਗਿਆ ।

ਇਸ ਮੌਕੇ ਤੇ ਮਨੁੱਖੀ ਹੱਕਾਂ ਨਾਲ ਸਬੰਧਿਤ ਮਸਲਿਆਂ ਦੇ ਯੂ. ਐਨ. ਓ. ਜਨੇਵਾ ਵਿੱਚ ਵਿਸ਼ੇਸ਼ ਹਾਈ ਕਮਿਸ਼ਨਰ ਨੂੰ ਯਾਦ ਪੱਤਰ ਦਿੱਤਾ ਗਿਆ ਤੇ ਰਾਜਸੀ ਸਿੱਖ ਕੈਦੀਆਂ ਦੀਆਂ ਸੰਖੇਪ ਜਾਣਕਾਰੀ ਦਿੰਦੀਆਂ ਵੱਡ ਅਕਾਰੀ ਤਸਵੀਰਾਂ ਅਤੇ ਸਿੱਖਾਂ ਤੇ ਜ਼ੁਲਮ ਦੀਆਂ ਮੂੰਹ ਬੋਲਦੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਲਗਾਈ ਗਈ।

ਇਨਸਾਫ ਰੈਲੀ ਵਿੱਚ ਵਿਚਾਰ ਦਿੰਦਿਆਂ ਵੱਖ ਵੱਖ ਬੁਲਾਰਿਆਂ ਵੱਲੋਂ ਅੰਤਰਾਰਸ਼ਟਰੀ ਭਾਈਚਾਰੇ ਨੂੰ ਭਾਰਤ ਦੀ ਫਾਸ਼ੀਵਾਦੀ ਹਿੰਦੂਤਵੀ ਮੋਦੀ ਹਕੂਮਤ ਵੱਲੋਂ ਘੱਟ ਗਿਣਤੀਆਂ ਤੇ ਖਾਸ ਕਰਕੇ ਸਿੱਖ ਕੌਮ ਦੀ ਧਾਰਮਿਕ, ਆਰਥਿਕ, ਸਮਾਜਿਕ, ਸੱਭਿਆਚਾਰਿਕ ਅਤੇ ਰਾਜਨੀਤਿਕ ਤੌਰ ਤੇ ਤਬਾਹਕੁੰਨ ਨੀਤੀਆਂ ਰਾਹੀਂ ਮਨੁੱਖੀ ਅਧਿਕਾਰਾਂ ਦੀ ਉਲਘੰਣਾ ਲਈ ਜਵਾਬਦੇਹ ਬਣਾਉਣ ਦਾ ਸੁਨੇਹਾ ਦਿੱਤਾ ।

ਵਰਲਡ ਸਿੱਖ ਪਾਰਲੀਮੈਂਟ ਦੇ ਕੋ ਕੋਅਰਡੀਨੇਟਰ ਭਾਈ ਗੁਰਚਰਨ ਗੁਰਾਇਆ, ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ, ਸੇਵਿੰਗ ਪੰਜਾਬ ਦੇ ਡਾਇਰੈਕਟਰ ਭਾਈ ਗੁਰਪ੍ਰੀਤ ਸਿੰਘ ਇੰਗਲੈਂਡ, ਕੋ ਕੋਅਰਡੀਨੇਟਰ ਮਨੁੱਖੀ ਅਧਿਕਾਰ ਕੌਂਸਲ ਭਾਈ ਪ੍ਰਿਤਪਾਲ ਸਿੰਘ ਸਵਿਟਜ਼ਰਲੈਂਡ, ਭਾਈ ਗੁਰਪਾਲ ਸਿੰਘ, ਮੀਡੀਆ ਕੌਂਸਲ ਦੇ ਭਾਈ ਜਤਿੰਦਰ ਸਿੰਘ, ਭਾਈ ਹਰਮੀਤ ਸਿੰਘ ਜਰਮਨੀ , ਮਨੁੱਖੀ ਅਧਿਕਾਰ ਅਸੋਸੀਏਸ਼ਨ ਦੇ ਮੁੱਖੀ ਭਾਈ ਸ਼ਿੰਗਾਰਾ ਸਿੰਘ ਮਾਨ ਫਰਾਂਸ, ਭਾਈ ਜਸਵਿੰਦਰ ਸਿੰਘ, ਭਾਈ ਗੁਰਦੇਵ ਸਿੰਘ, ਹਾਈਜੈਕਰ ਬਾਬਾ ਜਸਵੀਰ ਸਿੰਘ ਜੀ ਸਵਿਟਜ਼ਰਲੈਂਡ ਨੇ ਆਪਣੇ ਵੀਚਾਰਾਂ ਦੀ ਸਾਂਝ ਪਾਈ ।ਅਜ਼ਾਦ ਕਸ਼ਮੀਰ ਦੇ ਇਕਬਾਲ ਹਾਸ਼ਮੀ ਨੇ ਸਿੱਖ ਕੌਮ ਦੇ ਅਜ਼ਾਦ ਘਰ ਖਾਲਿਸਤਾਨ ਦੀ ਅਜ਼ਾਦੀ ਦੇ ਸੰਘਰਸ਼ ਲਈ ਇੱਕਜੁਟਤਾ ਦਾ ਪ੍ਰਗਟਾਵਾ ਕੀਤਾ ।

ਇਸ ਮੌਕੇ ਵਰਲਡ ਸਿੱਖ ਪਾਰਲੀਮੈਂਟ ਯੂਰਪ ਰੀਜਨ ਵੱਲੋਂ ਭਾਈ ਨਰਾਇਣ ਸਿੰਘ ਚੌੜਾ ਵੱਲੋਂ ਖਾਲਸਾਈ ਰਵਾਇਤਾਂ ਅਨੁਸਾਰ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਕਰਨ, ਸਿੱਖ ਨੌਜਵਾਨੀ ਦਾ ਘਾਣ ਕਰਨ ਵਾਲੇ ਪੁਲਿਸ ਅਫ਼ਸਰਾਂ ਨੂੰ ਤਰੱਕੀਆਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਤੇ ਸੌਦੇ ਸਾਧ ਨੂੰ ਮੁਆਫ਼ੀ ਦੁਆਉਣ ਦੇ ਬੱਜਰਾਂ ਗੁਨਾਹਾਂ ਨੂੰ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਕਬੂਲ ਕਰਨ ਵਾਲੇ ਬਾਦਲ ਅਕਾਲੀ ਦਲ ਦੇ ਪ੍ਰਧਾਨ ਦੇ ਬੱਜਰ ਗੁਨਾਹਾਂ ਦਾ ਇਨਸਾਫ਼ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ । ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੇ ਅੰਤਰਿੰਗ ਕਮੇਟੀ ਨੇ ਸਾਰੀਆਂ ਸਿੱਖ ਪ੍ਰੰਪਰਾਵਾਂ ਤੇ ਮਰਯਾਦਾ ਅੱਖੋਂ ਪਰੋਖੇ ਕਰਕੇ ਆਪਣੇ ਆਕਾ ਸੁਖਵੀਰ ਸਿੰਘ ਬਾਦਲ ਦੀ ਚਾਪਲੂਸੀ ਕਰਦਿਆਂ ਹੋਇਆਂ ਭਾਈ ਨਰਇਣ ਸਿੰਘ ਚੌੜਾ ਨੂੰ ਪੰਥ ਵਿੱਚੋਂ ਛੇਕਣ ਦੇ ਮਤੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਹੋਇਆਂ ਇਹ ਮਤੇ ਪਾਉਣ ਵਾਲੇ ਜਾਂ ਇਸ ਤੇ ਇਸ ਨੂੰ ਲਾਗੂ ਕਰਨ ਵਾਲਿਆ ਨੂੰ ਅਗਾਹ ਕੀਤਾ ਕਿ ਇਹ ਲੋਕ ਅਜਿਹਾ ਕਰਨ ਤੋਂ ਬਾਅਦ ਭਾਰਤ ਤੇ ਵਿਦੇਸ਼ਾਂ ਵਿੱਚ ਜੈਡ ਸਕਿਉਰਟੀ ਨਾਲ ਹੀ ਲੋਕਾਂ ਵਿੱਚ ਜਾਣਗੇ । ਇਸ ਮੌਕੇ ਸਿੱਖ ਕੌਮ ਦੇ ਅਜ਼ਾਦ ਘਰ ਖਾਲਿਸਤਾਨ ਦੀ ਅਜ਼ਾਦੀ ਤੱਕ ਸੰਘਰਸ਼ ਜਾਰੀ ਰੱਖਣ ਦਾ ਪ੍ਰਣ ਕੀਤਾ ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦ ਭਾਈ ਜਗਜੀਤ ਸਿੰਘ ਸੁਰ ਸਿੰਘ ਵਾਲਾ ਨੂੰ ਸ਼ਰਧਾਂਜਲੀ, ਸ਼ਹੀਦਾਂ ਦੀਆਂ ਯਾਦਾਂ ਨੂੰ ਵੱਡੇ ਪੱਧਰ ’ਤੇ ਮਨਾਉਣ ਦੀ ਅਪੀਲ







**ਵੀਹਵੀਂ** ਸਦੀ ਦੇ ਮਹਾਨ ਜਰਨੈਲ ਸੂਰਬੀਰ ਯੋਧੇ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਚਲਾਏ ਗਏ ਧਰਮ ਯੁੱਧ ਮੋਰਚਾ ਅਤੇ ਖਾੜਕੂ ਲਹਿਰ ਦੌਰਾਨ ਜ਼ੁਲਮ ਦੇ ਖਿਲਾਫ ਲੜਦਿਆਂ ਭਾਈ ਜਗਜੀਤ ਸਿੰਘ ਸੁਰ ਸਿੰਘ ਵਾਲਾ 9 ਦਸੰਬਰ 1989 ਨੂੰ ਇੱਕ ਪੁਲਿਸ ਮੁਕਾਬਲੇ ਦੌਰਾਨ ਸ਼ਹੀਦ ਹੋ ਗਏ। ਸ਼ਹੀਦ ਭਾਈ ਜਗਜੀਤ ਸਿੰਘ ਦੇ ਪਰਿਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਪਣੇ ਗ੍ਰਹਿ ਵਿਖੇ ਸ੍ਰੀ ਆਖੰਡ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਕੀਰਤਨੀ ਜਥੇ ਵੱਲੋਂ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗਿਆਨੀ ਕੁਲਵਿੰਦਰ ਸਿੰਘ ਜੀ ਅਰਦਾਸੀਏ ਸ੍ਰੀ ਦਰਬਾਰ ਸਾਹਿਬ ਜੀ ਨੇ ਕਥਾ ਵਿਚਾਰਾਂ ਗੁਰਮਤਿ ਵੀਚਾਰਾਂ ਦੀ ਸਾਂਝੀਆਂ ਕੀਤੀਆਂ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਉਚੇਚੇ ਤੌਰ ਤੇ ਪਹੁੰਚ ਕੇ ਸ਼ਹੀਦ ਭਾਈ ਜਗਜੀਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸ਼ਹੀਦ ਇੱਕ ਪ੍ਰੀਵਾਰ ਤੱਕ ਸੀਮਤ ਨਹੀਂ ਸਗੋਂ ਸਮੁੱਚੇ ਖਾਲਸਾ ਪੰਥ ਦਾ ਸਰਮਾਇਆ ਹੁੰਦੇ ਹਨ ਅਤੇ ਸਾਨੂੰ ਵੱਡੇ ਪੱਧਰ ਤੇ ਸ਼ਹੀਦਾਂ ਦੀਆਂ ਯਾਦਾਂ ਮਣਾਉਣ ਦਾ ਉਪਰਾਲਾ ਕਰਨਾ ਚਾਹੀਦਾ ਹੈ। ਬਾਬਾ ਸਤਨਾਮ ਸਿੰਘ ਵੱਲੀਆਂ ਨੇ ਨਗਰ ਦੇ ਸਰਪੰਚ ਸਾਹਬ ਨੂੰ ਬੇਨਤੀ ਕੀਤੀ ਕਿ ਉਹ ਆਉਂਦੇ ਸਾਲ ਨੂੰ ਵੱਡੇ ਪੱਧਰ ਤੇ ਸ਼ਹੀਦਾਂ ਦੀ ਬਰਸੀ ਮਨਾਉਣ ਦਾ ਉਪਰਾਲਾ ਕਰਨ ਸਾਡੀ ਜਥੇਬੰਦੀ ਇੰਟਰਨੈਸ਼ਨਲ ਪੰਥਕ ਦਲ ਹਰ ਤਰ੍ਹਾਂ ਦਾ ਸਹਿਯੋਗ ਦੇਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਗੁਰਮੀਤ ਸਿੰਘ, ਜਥੇਦਾਰ ਸੁਖਦੇਵ ਸਿੰਘ, ਬਲਵੰਤ ਸਿੰਘ ਮਾਝੇ ਵਾਲੇ, ਬਲਕਾਰ ਸਿੰਘ ਬੁਰਜ, ਗੁਰਵਿੰਦਰ ਸਿੰਘ, ਰਣਜੀਤ ਸਿੰਘ, ਸੁਖਦੇਵ ਸਿੰਘ ਅਤੇ ਹੋਰ ਸੰਗਤਾਂ ਵੀ ਹਾਜ਼ਰ ਸਨ।



## ਵਰ੍ਹੇਗੰਢ ਦੀਆਂ ਮੁਬਾਰਕਾਂ

ਪ੍ਰਿਤਪਾਲ ਸਿੰਘ ਪਤਨੀ ਮਨਜੋਤ ਕੌਰ ਵਾਸੀ ਅੰਮ੍ਰਿਤਸਰ ਨੂੰ ਵਿਆਹ ਦੀ ਅੱਠਵੀਂ ਵਰੇਗੰਢ ਦੀਆ ਬਹੁਤ ਬਹੁਤ ਮੁਬਾਰਕਾਂ (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)



## ਵਰ੍ਹੇਗੰਢ ਦੀਆਂ ਮੁਬਾਰਕਾਂ

ਗੌਰੀ ਸ਼ੰਕਰ ਪਤਨੀ ਗੀਤਾ ਦੇਵੀ ਵਾਸੀ ਅਮ੍ਰਿਤਸਰ ਨੂੰ ਵਿਆਹ ਦੀ 24ਵੀਂ ਵਰੇਗੰਢ ਦੀਆ ਬਹੁਤ ਬਹੁਤ ਮੁਬਾਰਕਾਂ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 25 ਸਕੂਲਾਂ ਨੂੰ ਪਛਾੜ ਕੇ ਸੇਂਟ ਸੋਲਜਰ ਸਕੂਲ ਦੇ ਬੱਚਿਆਂ ਨੇ

# ਗੁਰਦਿਆਲ ਸਿੰਘ ਯਾਦਗਾਰੀ ਮੇਲੇ ਦੀ ਓਵਰਆਲ ਟਰਾਫੀ 'ਤੇ ਕੀਤਾ ਕਬਜ਼ਾ



**ਜੰਡਿਆਲਾ ਗੁਰੂ, 11 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਮੰਚ ਲੋਕ ਅੰਮ੍ਰਿਤਸਰ ਵੱਲੋਂ ਡਾਕਟਰ ਗੁਰਦਿਆਲ ਸਿੰਘ ਯਾਦਗਾਰੀ ਮੇਲਾ ਪੰਡਿਤ ਕਿਸ਼ਨ ਦਵੇਸਰ ਜੀ ਦੀ ਅਗਵਾਈ ਮਿਤੀ 4 ਦਸੰਬਰ ਤੋਂ ਲੈ ਕੇ 7 ਦਸੰਬਰ ਤੱਕ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਮਨਾਇਆ ਗਿਆ। ਇਸ ਮੇਲੇ ਵਿੱਚ ਅੰਮ੍ਰਿਤਸਰ ਜਿਲ੍ਹੇ ਦੇ ਨਗਭਗ 25 ਸਕੂਲਾਂ ਨੇ ਭਾਗ ਲਿਆ। ਇਸ ਮੇਲੇ ਵਿੱਚ ਬੱਚਿਆਂ ਦੇ ਸ਼ਬਦ ਗਾਇਨ, ਲੋਕ ਗੀਤ, ਕਵਿਤਾ ,ਕਵੀਸ਼ਰੀ, ਗਿੱਧਾ, ਭੰਗੜਾ, ਸੋਲੋ ਡਾਂਸ, ਚਰਖਾ ਕਤਨਾ ,ਅਤੇ ਇਕਾਂਗੀ ਆਦਿ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਨੇ ਸਾਰੇ ਹੀ ਸਕੂਲਾਂ ਨੂੰ ਹਰਾਉਂਦਿਆਂ ਹੋਇਆਂ ਇਸ ਮੇਲੇ ਦੀ ਓਵਰਆਲ ਟਰਾਫੀ ਤੇ ਕਬਜ਼ਾ ਕੀਤਾ।ਇਹਨਾਂ ਮੁਕਾਬਲਿਆਂ ਵਿੱਚ ਸ਼ਬਦ ਗਾਇਨ ਜੂਨੀਅਰ ਫਸਟ ,ਸ਼ਬਦ ਗਾਇਨ ਸੀਨੀਅਰ ਸੈਕੰਡ, ਟੋਲੀ ਗੀਤ ਸੀਨੀਅਰ ਫਸਟ, ਟੋਲੀ ਗੀਤ ਜੂਨੀਅਰ ਫਸਟ, ਸੋਲੋ ਡਾਂਸ ਜੂਨੀਅਰ ਫਸਟ, ਸੋਲੋ ਡਾਂਸ ਸੀਨੀਅਰ ਫਸਟ, ਸੋਲੋ ਡਾਂਸ ਸੁਪਰ ਸੀਨੀਅਰ ਮੈਡਮ ਮਨਪ੍ਰੀਤ ਕੌਰ (ਐਸਐਸ ਟੀ )ਸੈਕੰਡ,ਇਕਾਂਗੀ ਸੈਕਿੰਡ, ਚਰਖਾ ਕਤਨਾ ਫਸਟ ,ਗਿੱਧਾ ਜੂਨੀਅਰ ਫਸਟ ,ਗਿੱਧਾ ਸੀਨੀਅਰ ਸੈਕੰਡ, ਕਵਿਤਾ ਥਰਡ, ਅਤੇ ਭੰਗੜੇ ਵਿੱਚ ਪਹਿਲੀ ਪੁਜੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਹੀ ਜੂਨੀਅਰ ਕੈਟਾਗਰੀ ਵਿੱਚ ਅਭਿਰਾਜ ਸਿੰਘ ਨੂੰ ਸਰਵੋਤਮ ਵਿਦਿਆਰਥੀ ਦਾ ਪੁਰਸਕਾਰ ਦਿੱਤਾ ਗਿਆ।ਅਤੇ ਸੀਨੀਅਰ ਕੈਟਾਗਰੀ ਵਿੱਚ ਰਿਪਨਦੀਪ ਕੌਰ ਨੂੰ ਸਰਵੋਤਮ ਵਿਦਿਆਰਥੀ ਦਾ ਪੁਰਸਕਾਰ ਦਿੱਤਾ ਗਿਆ ਅਤੇ ਇਸੇ ਤਰ੍ਹਾਂ ਹੀ ਸਰਵੋਤਮ ਅਧਿਆਪਕ ਦਾ ਖਿਤਾਬ ਅਧਿਆਪਕ ਜਸਬੀਰ ਸਿੰਘ ਜੀ ਨੂੰ ਉਨਾਂ ਦੀ ਮਿਹਨਤ ਅਤੇ ਲਗਨ ਸਦਕਾ ਦਿੱਤਾ ਗਿਆ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਸਾਰੇ ਜੇਤੂ ਬੱਚਿਆਂ ਅਤੇ ਅਧਿਆਪਕਾਂ ਦਾ ਗਰਮ ਜੋਸ਼ੀ ਨਾਲ ਸਵਾਗਤ ਕੀਤਾ।ਅਤੇ ਬੱਚਿਆਂ ਅਤੇ ਉਨਾਂ ਦੇ ਅਧਿਆਪਕਾਂ ਦੀ ਖੂਬ ਤਾਰੀਫ ਕੀਤੀ। ਅਤੇ ਇਸੇ ਤਰ੍ਹਾਂ ਹੀ ਜਿੱਤਾਂ ਦੀਆਂ ਇਬਾਰਤਾਂ ਲਿਖਣ ਦੀ ਪ੍ਰੇਰਨਾ ਦਿੱਤੀ।ਬੱਚਿਆਂ ਦੇ ਕੋਚ ਜਸਬੀਰ ਸਿੰਘ,ਸਿਕੰਦਰ ਸਿੰਘ ਮਨਦੀਪ ਕੌਰ ਮਨਪ੍ਰੀਤ ਕੌਰ ਗੁਰਵਿੰਦਰ ਸਿੰਘ ਸੁਸ਼ੀਲ ਕੁਮਾਰ ਅਜੇ ਕੁਮਾਰ ਜਗਰੂਪ ਕੌਰ ਰਮਨਦੀਪ ਕੌਰ ਯਾਦਵਿੰਦਰ ਸਿੰਘ ਅਧਿਆਪਕਾਂ ਦੀ ਖੂਬ ਤਾਰੀਫ ਅਤੇ ਵਧਾਈ ਦਿੱਤੀ ਗਈ।ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ, ਸ਼ਿਲਪਾ ਸ਼ਰਮਾ ਜੀ ਕੋਆਰਡੀਨੇਟਰ, ਨਿਲਾਕਸੀ ਗੁਪਤਾ ਕੋਆਰਡੀਨੇਟਰ, ਪ੍ਰਿਅੰਕਾ ਸ਼ਰਮਾ ਕੋਆਰਡੀਨੇਟਰ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਸਕੂਲ ਪਹੁੰਚਣ ਤੇ ਡਾ: ਮੰਗਲ ਸਿੰਘ ਕਿਸ਼ਨਪੁਰੀ ਅਤੇ ਸਕੂਲ ਮੈਨੇਜਮੈਂਟ ਵੱਲੋਂ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ**

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਫੋਰੈਸਟ ਪੈਨਸ਼ਨ ਐਸੋਸੀਏਸ਼ਨ ਦੀ

# ਸਰਬਸੰਮਤੀ ਨਾਲ ਹੋਈ ਚੋਣ



**ਫ਼ਿਰੋਜ਼ਪੁਰ, 11 ਦਸੰਬਰ (ਮਨੋਹਰ ਲਾਲ) :—** ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਦੀ ਸਾਲ 2024—26 ਲਈ ਸੂਬਾ ਕਮੇਟੀ ਦੀ ਚੋਣ ਸਬੰਧੀ ਮੀਟਿੰਗ ਅੱਜ ਵਣ ਮੰਡਲ ਦਫ਼ਤਰ ਲੁਧਿਆਣਾ ਦੇ ਖੁੱਲੇ ਪੰਡਾਲ ਵਿੱਚ ਹੋਈ। ਇਸ ਮੌਕੇ ਵੱਖ—ਵੱਖ ਮੰਡਲ ਕਮੇਟੀਆਂ ਅਤੇ ਸਰਕਲ ਕਮੇਟੀਆਂ ਦੇ ਆਹੁਦੇਦਾਰ ਅਤੇ ਸਰਗਰਮ ਮੈਂਬਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ਅਤੇ ਕਾਰਜਕਾਰਨੀ ਦੀ ਸਲਾਹ ਅਨੁਸਾਰ ਸ਼੍ਰੀ ਮੇਜਰ ਸਿੰਘ ਮੂੰਗਰਾ ਫਾਜ਼ਿਲਕਾ, ਜੰਗ ਸਿੰਘ ਫਤਹਿਗੜ੍ਹ ਸਾਹਿਬ ਅਤੇ ਦਰਸ਼ਨ ਸਿੰਘ ਜਲੰਧਰ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ।ਕਾਰਜਕਾਰਨੀ ਵੱਲੋਂ ਪਹਿਲੀ ਕਮੇਟੀ ਭੰਗ ਕੀਤੀ ਗਈ ਅਤੇ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਸ੍ਰੀ ਬਲਵਿੰਦਰ ਸਿੰਘ ਸੰਧੂ, ਮੋਹਿੰਦਰ ਸਿੰਘ ਧਾਲੀਵਾਲ, ਰਣਧੀਰ ਸਿੰਘ ਚਕਲ, ਭਜਨ ਸਿੰਘ, ਭਰਪੂਰ ਸਿੰਘ, ਪਵਨ ਕੁਮਾਰ ਆਦਿ ਨੇ ਸੰਬੋਧਨ ਕਰਦਿਆਂ ਪੈਨਸ਼ਨਰ ਦੇ ਬਣਦੇ ਸੇਵਾ ਲਾਭ ਦੇਣ, ਮ੍ਰਿਤਕ ਮੁਲਾਜ਼ਮਾਂ ਦੇ ਪਰਿਵਾਰਾਂ ਨੂੰ ਨੌਕਰੀਆਂ ਦੇਣ ਅਤੇ ਚਲਦੀਆਂ ਅਪੀਲਾਂ ਦਾ ਸਮਾਂ ਬੰਧ ਨਿਪਟਾਰਾ ਕਰਨ ਤੇ ਜੋਰ ਦਿੱਤਾ। ਇਸ ਮੌਕੇ ਹਾਜ਼ਰ ਸਾਥੀਆਂ ਅਤੇ ਕਾਰਜਕਾਰਨੀ ਵੱਲੋਂ ਤਿਆਰ ਕੀਤੇ ਪੈਨਲ ਅਨੁਸਾਰ ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ, ਬਲਵਿੰਦਰ ਕੁਮਾਰ ਸੈਣੀ ਹੁਸ਼ਿਆਰਪੁਰ ਸੀਨੀਅਰ ਮੀਤ ਪ੍ਰਧਾਨ, ਰਛਪਾਲ ਸਿੰਘ ਬਠਿੰਡਾ ਸੀਨੀਅਰ ਮੀਤ ਪ੍ਰਧਾਨ, ਸੱਤਪਾਲ ਸਿੰਘ ਜਲੰਧਰ ਸੀਨੀਅਰ ਮੀਤ ਪ੍ਰਧਾਨ, ਭੂਪਿੰਦਰ ਸਿੰਘ ਰੋਪੜ ਮੀਤ ਪ੍ਰਧਾਨ, ਭਜਨ ਸਿੰਘ ਸੰਗਰੂਰ ਮੀਤ ਪ੍ਰਧਾਨ, ਪ੍ਰੇਮ ਚੰਦ ਸ਼ਰਮਾ ਮੋਹਾਲੀ ਮੀਤ ਪ੍ਰਧਾਨ, ਜੰਗ ਸਿੰਘ ਫਤਹਿਗੜ੍ਹ ਸਾਹਿਬ ਮੀਤ ਪ੍ਰਧਾਨ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਸਤਵੰਤ ਸਿੰਘ ਮੋਹਾਲੀ ਸਹਾਇਕ ਸਕੱਤਰ, ਮਨੋਜ ਕੁਮਾਰ ਨਵਾਂ ਸ਼ਹਿਰ ਵਿੱਤ ਸਕੱਤਰ, ਕਰਮਜੀਤ ਸਿੰਘ ਲੁਧਿਆਣਾ ਸੰਗਠਨ ਸਕੱਤਰ, ਪ੍ਰੇਮ ਚੰਦ ਸ਼ਰਮਾ ਪਟਿਆਲਾ ਕਾਨੂੰਨੀ ਸਲਾਹਕਾਰ, ਦਵਿੰਦਰ ਕੁਮਾਰ ਸੰਗਰੂਰ ਕਾਨੂੰਨੀ ਸਲਾਹਕਾਰ, ਰਣਧੀਰ ਸਿੰਘ ਚਕਲ਼ ਮੋਹਾਲੀ ਚੇਅਰਮੈਨ ਅਤੇ ਜਗਦੀਪ ਸਿੰਘ ਢਿੱਲੋਂ ਮੋਗਾ ਸਰਪ੍ਰਸਤ ਚੁਣੇ ਗਏ ਅਤੇ ਨਵੀਂ ਚੁਣੀ ਕਮੇਟੀ ਨੂੰ ਹਾਜ਼ਰ ਸਾਥੀਆਂ ਨੇ ਤਾੜੀਆਂ ਨਾਲ ਪ੍ਰਵਾਨ ਕੀਤਾ। ਅੰਤ ਵਿੱਚ ਨਵੀਂ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਨੇ ਸੰਬੋਧਨ ਕਰਦਿਆਂ ਸਮੂਹ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ਼ ਦਵਾਇਆ ਕਿ ਪੈਨਸ਼ਨਰਾਂ ਦੇ ਬਣਦੇ ਸੇਵਾ ਲਾਭ ਦਵਾਉਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸਰਕਾਰੀ ਹਾਈ ਸਮਾਰਟ ਸਕੂਲ ਦੂਲਚੀ ਕੇ ਵਿਖੇ ਕਰਵਾਇਆ ਸਾਲਾਨਾ ਇਨਾਮ ਵੰਡ ਸਮਾਰੋਹ



**ਫ਼ਿਰੋਜ਼ਪੁਰ, 11 ਦਸੰਬਰ (ਮਨੋਹਰ ਲਾਲ) :—** ਸਰਹੱਦੀ ਪਿੰਡ ਦੂਲਚੀ ਕੇ ਦੇ ਸਰਕਾਰੀ ਹਾਈ ਸਮਾਰਟ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਡਾ: ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਉਪ ਜਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਫ਼ਿਰੋਜ਼ਪੁਰ ਸ਼ਾਮਿਲ ਹੋਏ, ਜਿਨ੍ਹਾਂ ਨੇ ਪ੍ਰੋਗਰਾਮ ਦਾ ਆਗਾਜ਼ ਸ਼ਮਾਂ ਰੋਸ਼ਨ ਕਰਕੇ ਕੀਤਾ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਵਿਦਿਆਰਥੀਆਂ ਹਰਮੀਤ ਸਿੰਘ, ਪਲਕਪ੍ਰੀਤ ਕੌਰ, ਮਹਿਕਪ੍ਰੀਤ ਕੌਰ ਵੱਲੋਂ ਸ਼ਬਦ ਕੀਰਤਨ ਅਤੇ ਵਾਰ ਰਾਹੀਂ ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।ਸਕੂਲ ਵਿਦਿਆਰਥੀਆਂ ਦੇ ਰੰਗਾਰੰਗ ਪ੍ਰੋਗਰਾਮ ਦੌਰਾਨ ਵੱਖ—ਵੱਖ ਸਖਸ਼ੀਅਤਾਂ, ਬੱਚਿਆਂ ਦੇ ਰੂਬਰੂ ਹੋਈਆਂ, ਜਿਨ੍ਹਾਂ ਵਿਚ ਐਸ.ਐਸ.ਪੀ ਦਫ਼ਤਰ ਤੋਂ ਲਖਵੀਰ ਸਿੰਘ ਗਿੱਲ ਨੇ ਵਿਦਿਆਰਥੀਆਂ ਨੂੰ ਜੀਵਨ ਜਾਚ ਦੇ ਹੁਨਰ ਦੱਸਦਿਆਂ ਸਕੂਲ ਸਮੇਂ ਨੂੰ ਜਿੰਦਗੀ ਦਾ ਅਹਿਮ ਹਿੱਸਾ ਦੱਸਿਆ। ਵਿਦਿਆਰਥਣ ਰਜਨੀ ਨੇ ਆਪਣੀ ਸਪੀਚ ਰਾਹੀਂ ਸਕੂਲ ਇੱਕ ਝਾਤ ਉਪਰ ਸ਼ਲਾਘਾਯੋਗ ਸ਼ਬਦਾਂ ਰਾਹੀਂ ਚਾਨਣਾ ਪਾਇਆ। ਸਕੂਲ ਦੀਆਂ ਵਿਦਿਆਰਥਣਾਂ ਵਲੋਂ ਸਵਾਗਤੀ ਡਾਂਸ ਰਾਂਹੀ ਮਹਿਮਾਨਾਂ ਨੂੰ ਜੀ ਆਇਆ ਕਿਹਾ ਗਿਆ ਅਤੇ ਆਰਤੀ ਦੀ ਕਵਿਤਾ ਵਾਤਾਵਰਨ ਸਰੋਤਿਆਂ ਨੂੰ ਕੀਲ ਗਈ, ਜਦੋਂ ਕਿ ਆਂਚਲ ਅਤੇ ਉਸਦੀ ਟੀਮ ਨੇ ਨਸ਼ਾ ਇੱਕ ਕੋਹੜ ਨਾਟਕ ਬਾਖੂਬੀ ਪੇਸ਼ ਕੀਤਾ। ਨਿਰਜੀਤ ਤੇ ਸੰਜਨਾ ਵਲੋਂ ਅੰਮ੍ਰਿਤਾ ਪ੍ਰੀਤਮ ਦੀ ਕਵਿਤਾ ਅੱਜ ਆਖਾਂ ਵਾਰਿਸ ਸ਼ਾਹ ਨੂੰ ਦੀ ਕੋਰੀਓਗ੍ਰਾਫੀ, ਮੈਨੂੰ ਇੰਝ ਨਾ ਮਨੋਂ ਵਿਸਾਰ ਕਿ ਮੈਂ ਤੇਰੀ ਮਾਂ ਦੀ ਬੋਲੀ ਆਂ ਦੀ ਕੋਰੀਓਗ੍ਰਾਫੀ ਜਸਵੀਰ ਕੌਰ ਅਤੇ ਟੀਮ ਵਲੋਂ ਦੇਸ਼ ਭਗਤੀ ਦਾ ਡਾਂਸ ਆਰਵੀ ਤੇ ਟੀਮ ਵਲੋਂ ਪੇਸ਼ ਕੀਤਾ ਗਿਆ। ਐਸ.ਐਮ.ਸੀ ਚੇਅਰਮੈਨ ਹਰਜੀਤ ਵਲੋਂ ਸਕੂਲ ਦੀ ਨੁਹਾਰ ਸਬੰਧੀ ਭਾਸ਼ਣ, ਪੰਜਾਬਣ ਮੁਟਿਆਰਾਂ ਦਾ ਡਾਂਸ, ਮਨਜੋਤ ਕੌਰ ਦੀ ਕਵਿਤਾ ਛੇਵਾਂ ਦਰਿਆ ਦਰਸ਼ਕਾਂ ਨੂੰ ਕੀਲ ਗਏ। ਮੁੱਖ ਮਹਿਮਾਨ ਡਾ: ਸਤਿੰਦਰ ਸਿੰਘ ਨੇ ਬੱਚਿਆਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਸਾਲਾਨਾ ਸਮਾਗਮ ਕਿਸੇ ਵੀ ਸਕੂਲ ਦਾ ਦਰਪਣ ਹੋਇਆ ਕਰਦੇ ਹਨ। ਦੂਲਚੀ ਕੇ ਸਕੂਲ ਦੇ ਵਿਦਿਆਰਥੀਆਂ ਨੇ ਪੱਛਮੀ ਸੱਭਿਆਚਾਰ ਦਾ ਪ੍ਰਭਾਵ ਤਿਆਗ ਕੇ ਆਪਣੇ ਸੱਭਿਆਚਾਰ ਨੂੰ ਕਾਇਮ ਰੱਖਦੇ ਹੋਏ ਸਾਰੇ ਪ੍ਰੋਗਰਾਮ ਨੂੰ ਆਪਣੇ ਵਿਰਸੇ ਨਾਲ ਜੋੜ ਕੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਹੈ। ਸਕੂਲ ਵਿੱਚ ਲੋੜੀਦੀਆਂ ਚੀਜ਼ਾਂ ਲਈ ਹਰ ਤਰ੍ਹਾਂ ਦਾ ਵਿਭਾਗੀ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ ਅਤੇ ਪ੍ਰੇਰਨਾਦਾਇਕ ਸ਼ਬਦਾਂ ਰਾਹੀਂ ਵਿਦਿਆਰਥੀਆਂ ਨੂੰ ਆਪਣਾ ਆਸ਼ੀਰਵਾਦ ਦਿੱਤਾ। ਪ੍ਰਿੰਸੀਪਲ ਡਾਈਟ ਸੀਮਾ ਪੰਛੀ ਨੇ ਅਤੇ ਬਲਾਕ ਨੋਡਲ ਅਫ਼ਸਰ ਕਪਿਲ ਸਨਨ ਨੇ ਸਕੂਲ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧੀਆ ਪੇਸ਼ਕਾਰੀ ਅਤੇ ਸਕੂਲ ਦੀ ਤਰੱਕੀ ਲਈ ਵਧਾਈ ਦਿੱਤੀ ਅਤੇ ਪ੍ਰਵਿੰਦਰ ਸਿੰਘ ਬੱਗਾ ਨੇ ਸਰਕਾਰੀ ਸਕੂਲਾਂ ਦੇ ਉੱਚੇ ਮਿਆਰ ਦੀ ਗੱਲ ਕਰਦਿਆਂ ਕਿਹਾ ਕਿ ਲੋਕ ਪ੍ਰਾਈਵੇਟ ਸਕੂਲਾਂ ਦੀ ਲੁੱਟ—ਖਸੁੱਟ ਤੋਂ ਬਚਣ ਅਤੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਪੜ੍ਹਾਉਣ। ਸਕੂਲ ਵੱਲੋਂ ਵਧੀਆ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ, ਮੁੱਖ ਮਹਿਮਾਨ ਸਭ ਸਹਿਯੋਗੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਵਿਦਿਆਰਥੀ ਮਨਾਂ ਦੀ ਰੂਹ ਦੀ ਖੁਰਾਕ ਪੰਜਾਬੀਆਂ ਦੇ ਪ੍ਰਸਿੱਧ ਲੋਕ ਨਾਚ ਗਿੱਧਾ ਅਤੇ ਭੰਗੜਾ ਸਮਾਗਮ ਵਿਚ ਆਪਣੀ ਨਿਵੇਕਲੀ ਛਾਪ ਛੱਡ ਗਏ। ਸਾਬਕਾ ਸਰਪੰਚ ਅਵਤਾਰ ਸਿੰਘ ਨੇ ਬੱਚਿਆਂ ਦੀ ਪੇਸ਼ਕਾਰੀ ਤੋਂ ਖੁਸ਼ ਹੋ ਕੇ ਪੰਜ ਹਜਾਰ ਰੁਪਏ ਇਨਾਮ ਵਜੋਂ ਦਿੱਤੇ, ਜਦੋਂ ਕਿ ਨੰਬਰਦਾਰ ਸੁਖਦੇਵ ਸਿੰਘ ਵਲੋਂ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਇੱਕਤੀ ਸੌ ਰੁਪਏ ਦਾ ਯੋਗਦਾਨ ਦਿੱਤਾ ਗਿਆ।ਸਮਾਗਮ ਦਾ ਸੰਚਾਲਨ ਸਾਇੰਸ ਅਧਿਆਪਕ ਇੰਦਰਪਾਲ ਸਿੰਘ ਨੇ ਕੀਤਾ। ਇਸ ਮੌਕੇ ਅਮਿਤ ਆਨੰਦ ਬੀ.ਆਰ.ਸੀ, ਹਰਪ੍ਰੀਤ ਸਿੰਘ ਬੀ.ਆਰ.ਸੀ, ਪਿੰਡ ਦੇ ਸਾਬਕਾ ਸਰਪੰਚ ਸੁਖਦੇਵ ਸਿੰਘ, ਦਿਲਬਾਗ ਸਿੰਘ, ਐਸ.ਐਮ.ਸੀ ਚੇਅਰਮੈਨ ਹਰਜੀਤ ਸਮੇਤ ਸਮੁੱਚੇ ਇਲਾਕਾ ਨਿਵਾਸੀਆਂ ਨੇ ਹਾਜ਼ਰ ਹੋ ਕੇ ਪ੍ਰੋਗਰਾਮ ਦਾ ਆਨੰਦ ਮਾਣਿਆ।

## ਸ਼ਰਧਾ ਦੇ ਸਦਭਾਵਨਾ ਸ਼ਾਂਤੀ ਸਰਵਪੱਖੀ ਦੇ ਤੌਰ ਤੇ ਨਿੱਘੀ ਸ਼ਰਧਾਂਜਲੀ ਦਿੱਤੀ

**ਫ਼ਿਰੋਜ਼ਪੁਰ, 11 ਦਸੰਬਰ (ਮਨੋਹਰ ਲਾਲ) :—** ਬੱਚਿਆਂ ਨੂੰ ਉਚੇਰੀ ਸੋਚ ਦੇ ਧਾਰਨੀ ਬਨਾਉਣ ਅਤੇ ਸਮੇਂ—ਸਮੇਂ ਤੇ ਹਾਲਾਤਾਂ ਦਾ ਮੁਕਾਬਲਾ ਕਰਨ ਦੇ ਸਮਰਥਨ ਬਣਾਉਣ ਲਈ ਕਾਰਜ ਕਰਦੇ ਆ ਰਹੇ ਪੀ.ਸੀ ਕੁਮਾਰ ਵੱਲੋਂ ਅੱਜ ਮਾਲਵਾ ਖਾਲਸਾ ਸਕੂਲ ਵਿਖੇ ਸਵੇਰ ਦੀ ਸਭਾ ਵਿਚ ਪਹੁੰਚ ਕੀਤੀ ਗਈ। ਹਮੇਸ਼ਾ ਦੀ ਤਰ੍ਹਾਂ ਉਨ੍ਹਾਂ ਨੇ ਸਮੂਹ ਸਟਾਫ ਅਤੇ ਬੱਚਿਆਂ ਦਾ ਬਦਲਦੇ ਮੌਸਮ ਨੂੰ ਲੈ ਕੇ ਨੈਤਿਕ ਕਦਰਾਂ ਕੀਮਤਾਂ ਬਾਰੇ, ਸਮਾਜ ਵਿਚ ਵੱਧ ਰਹੇ ਨਸ਼ਿਆਂ ਦੇ ਰੁਝਾਨ ਨੂੰ ਲੈ ਕੇ ਅਤੇ ਉਨ੍ਹਾਂ ਬੁਰਾਈਆਂ ਤੋਂ ਅਸੀਂ ਕਿਵੇਂ ਬਚਨਾ ਹੈ ਅਤੇ ਚੰਗੇ ਸਮਾਜ ਦੀ ਸਿਰਜਣਾ ਕਰਨੀ ਹੈ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਬਹੁਤ ਚੰਗੇ ਵਿਚਾਰ ਬੱਚਿਆਂ ਨਾਲ ਸਾਂਝੇ ਕੀਤੇ ਗਏ ਅਤੇ ਬੱਚੇ ਹਮੇਸ਼ਾ ਦੀ ਤਰ੍ਹਾਂ ਉਨ੍ਹਾਂ ਦੀਆਂ ਗੱਲਾਂ ਬੜੇ ਹੀ ਮੰਤਰ ਮੁਗਧ ਹੋ ਕੇ ਸੁਣਦੇ ਰਹੇ। ਅਸੀਂ ਚਾਹੁੰਦੇ ਹਾਂ ਕਿ ਉਹ ਸਮੇਂ—ਸਮੇਂ ਤੇ ਸਾਡੇ ਮਾਰਗਫਦਰਸ਼ਨ ਹਮੇਸ਼ਾ ਕਰਦੇ ਰਹਿਣ। ਸਾਨੂੰ ਸ੍ਰੀ ਪੀ.ਸੀ ਕੁਮਾਰ ਦੀ ਧਰਮਪਤਨੀ ਬਾਰੇ ਪਤਾ ਚਲਿਆ ਕਿ ਬਿਮਾਰ ਹੋਣ ਬਾਅਦ ਉਹ ਸਦੀਵੀ ਵਿਛੋੜਾ ਦੇ ਕੇ ਚਲੇ ਗਏ ਹਨ। ਉਹ ਬੜੇ ਵਧੀਆ ਅਧਿਆਪਕ ਸਨ, ਸਾਡੇ ਸਭ ਦੇ ਦਿਲਾਂ ਵਿਚ ਹਮੇਸ਼ਾ ਜਿਉਂਦੇ ਰਹਿਣਗੇ। ਭਗਵਾਨ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਪ੍ਰਦਾਨ ਕਰਨ। ਅਸੀਂ ਸਮੂਹ ਸਟਾਫ ਉਨ੍ਹਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ, ਭਗਵਾਨ ਉਨ੍ਹਾਂ ਦੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ੇ।



### ਕੁਰੁਕਸ਼ੇਤਰ ਵਿਖੇ 13 ਦਸੰਬਰ ਨੂੰ ਹੋਵੇਗਾ

# ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਅਹੁਦੇਦਾਰਾਂ ਦਾ ਐਲਾਨ-ਭਾਈ ਬਰਾੜ



**ਕੁਰੂਕਸ਼ੇਤਰ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇਸ਼ ਦੇ ਸੂਬਾ ਪੰਜਾਬ ਤੋਂ ਬਾਅਦ ਹਰਿਆਣਾ ਸੂਬੇ ਵਿੱਚ ਹੀ ਸਭ ਤੋਂ ਵੱਧ ਸਿੱਖਾਂ ਦੀ ਗਿਣਤੀ ਹੈ ਹਰਿਆਣਾ ਸੂਬਾ ਵਿੱਚ ਦਸ ਗੁਰੂ ਸਾਹਿਬਾਨਾਂ ਨਾਲ ਸੰਬੰਧਿਤ ਵੱਡੇ ਇਤਿਹਾਸਕ ਗੁਰਦੁਆਰੇ ਹਨ ਜਿਨਾਂ ਦੇ ਪ੍ਰਬੰਧ ਲਈ ਹਰਿਆਣਾ ਸਰਕਾਰ ਵੱਲੋਂ ਸੰਨ 2014 ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਗਠਨ ਕੀਤਾ ਗਿਆ ਸੀ ਪਹਿਲੀ ਵਾਰ ਹਰਿਆਣੇ ਅੰਦਰ ਹਰਿਆਣਾ ਕਮੇਟੀ ਦੀਆਂ ਆਮ ਚੋਣਾਂ ਕਰਾਉਣ ਦਾ ਹਰਿਆਣਾ ਸਰਕਾਰ ਦੁਆਰਾ ਨਿਯੁਕਤ ਹਰਿਆਣਾ ਸਿੱਖ ਗੁਰਦੁਆਰਾ ਚੋਣ ਕਮਿਸ਼ਨ ਵੱਲੋਂ 19 ਜਨਵਰੀ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ 3 ਲੱਖ ਦੇ ਕਰੀਬ ਹਰਿਆਣੇ ਦੇ ਸਿੱਖ ਵੋਟ ਦਾ ਇਸਤੇਮਾਲ ਕਰਨਗੇ ਜਿਨਾਂ ਵੱਲੋਂ 19 ਜਨਵਰੀ ਨੂੰ 40 ਵਾਰਡਾਂ ਵਿੱਚ ਆਪਣੇ ਨੁੰਮਾਇਦੇ ਗੁਰੂ ਘਰਾਂ ਦੇ ਪ੍ਰਬੰਧ ਲਈ ਚੁਣੇ ਜਾਣੇ ਹਨ ਹਰਿਆਣਾ ਸਿੱਖ ਗੁਰਦੁਆਰਾ ਚੋਣ ਕਮਿਸ਼ਨ ਐਚ ਐਸ ਭੱਲਾ ਵੱਲੋਂ ਇਨਾਂ ਚੋਣਾਂ ਦਾ ਪੂਰਾ ਵੇਰਵਾ ਜਾਰੀ ਕੀਤਾ ਗਿਆ ਹੈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕੇ 28 ਨਵੰਬਰ 2024 ਨੂੰ ਹਰਿਆਣੇ ਦੀਆਂ ਸਿੱਖ ਸੰਗਤਾਂ ਸੰਤ ਮਹਾਂਪੁਰਸ਼ਾਂ ਮੌਜੂਦਾ ਤੇ ਸਾਬਕਾ ਹਰਿਆਣਾ ਕਮੇਟੀ ਮੈਂਬਰ ਸਾਹਿਬਾਨਾਂ ਦੀ ਹਾਜ਼ਰੀ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲੜਨ ਅਤੇ ਹਰਿਆਣੇ ਦੇ ਸਿੱਖ ਮਸਲਿਆਂ ਦੇ ਹੱਲ ਲਈ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦਾ ਗਠਨ ਕੀਤਾ ਗਿਆ ਸੀ ਜਿਸ ਵਿੱਚ ਪੰਜ ਸਿੰਘਾਂ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ,ਜਥੇਦਾਰ ਸਵਰਨ ਸਿੰਘ ਰਤੀਆ ਫਤਿਹਾਬਾਦ,ਜਥੇਦਾਰ ਓਮਰਾਓ ਸਿੰਘ ਕੈਂਥਲ,ਜਥੇਦਾਰ ਮਲਕੀਤ ਸਿੰਘ ਪੰਨੀਵਾਲਾ ਸਿਰਸਾ,ਜਥੇਦਾਰ ਸਵਰਨ ਸਿੰਘ ਬੁੰਗਾ ਪੰਚਕੂਲਾ ਨੂੰ ਸਿੱਖ ਸੰਗਤਾਂ ਸੰਤ ਮਹਾਂਪੁਰਸ਼ਾਂ ਮੈਂਬਰ ਸਾਹਿਬਾਨਾਂ ਤੋਂ ਜਾਣਕਾਰੀ ਇਕੱਤਰ ਕਰਨ ਦੀ ਡਿਊਟੀ ਲਗਾਈ ਗਈ ਸੀ ਜਿਨਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਅਹੁਦੇਦਾਰਾਂ ਦਾ 13 ਦਸੰਬਰ 2024 ਨੂੰ ਐਲਾਨ ਕੀਤਾ ਜਾਣਾ ਹੈ ਇਸ ਸਬੰਧ ਵਿੱਚ ਅੱਜ 5 ਸਿੰਘਾਂ ਵੱਲੋਂ ਸਿਰਸਾ ਜ਼ਿਲੇ ਦਾ ਦੌਰਾ ਕੀਤਾ ਗਿਆ ਬਾਕੀ ਮੈਂਬਰ ਸਾਹਿਬਾਨਾਂ ਨੂੰ ਮਿਲਣ ਤੋਂ ਬਾਅਦ ਜਥੇਦਾਰ ਦਾਦੂਵਾਲ ਜੀ ਦੇ ਮੁੱਖ ਅਸਥਾਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਪੁੱਜੇ ਅਤੇ ਜਥੇਦਾਰ ਦਾਦੂਵਾਲ ਜੀ ਨਾਲ ਵਿਚਾਰ ਵਟਾਂਦਰਾ ਕੀਤਾ ਪੰਜ ਸਿੰਘਾਂ ਨੇ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕੇ ਉਹ 13 ਦਸੰਬਰ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ 6ਵੀਂ ਕੁਰੂਕਸ਼ੇਤਰ ਵਿਖੇ ਵਹੀਰਾਂ ਘੱਤ ਕੇ ਪੁੱਜਣ ਜਿੱਥੇ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਅਹੁਦੇਦਾਰਾਂ ਦਾ ਐਲਾਨ ਕੀਤਾ ਜਾਵੇਗਾ ਜੋ ਸਿੱਖ ਮਸਲਿਆਂ ਦੇ ਹੱਲ ਦਾ ਯਤਨ ਅਤੇ ਗੁਰਦੁਆਰਾ ਚੋਣਾਂ ਲੜਣ ਦੀ ਅਗਵਾਈ ਕਰਨਗੇ।

**ਸਮੂਹ ਅਹੁਦੇਦਾਰਾਂ ਨੇ ਜਥੇਦਾਰ ਦਾਦੂਵਾਲ ਜੀ ਨਾਲ ਵਿਚਾਰ ਵਟਾਂਦਰਾ ਕੀਤਾ**

## ਪੰਜਾਬ ਸਰਕਾਰ ਵੱਲੋਂ ਦਿਵਿਆਂਗ ਵਿਅਕਤੀਆਂ ਦੀਆਂ 1754 ਅਸਾਮੀਆਂ ਦਾ ਬੈਕਲਾਗ ਭਰਨ ਲਈ ਵਿਸ਼ੇਸ਼ ਭਰਤੀ ਮੁਹਿੰਮ ਚਲਾਈ ਜਾਵੇਗੀ - ਜਗਰੂਪ ਸਿੰਘ ਸੇਖਵਾਂ

# ਦਿਵਿਆਂਗ ਵਿਅਕਤੀਆਂ ਦੀ ਭਲਾਈ ਯਕੀਨੀ ਬਣਾਉਣ ਦੀ ਸੂਬਾ ਸਰਕਾਰ ਵਚਨਬੱਧ - ਸੇਖਵਾਂ



**ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 11 ਦਸੰਬਰ (ਕੁਲਜੀਤ ਸਿੰਘ ਖੋਖਰ)**-ਪੰਜਾਬ ਸਰਕਾਰ ਦਿਵਿਆਂਗ ਵਿਅਕਤੀਆਂ (ਪੀ.ਡਬਲਯੂ.ਡੀ.) ਦੀ ਭਲਾਈ ਲਈ ਵਚਨਬੱਧ ਹੈ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਵੱਖ-ਵੱਖ ਵਿਭਾਗਾਂ ਵਿੱਚ ਖ਼ਾਲੀ ਪਈਆਂ ਦਿਵਿਆਂਗ ਵਿਅਕਤੀਆਂ ਲਈ ਰਾਖਵੀਂਆਂ ਅਸਾਮੀਆਂ ਦੇ ਬੈਕਲਾਗ ਨੂੰ ਭਰਨ ਲਈ ਵੱਡੀ ਭਰਤੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਪ ਦੇ ਸੂਬਾ ਜਨਰਲ ਸਕੱਤਰ ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਦਿਵਿਆਂਗ ਵਿਅਕਤੀਆਂ ਦੀਆਂ ਵੱਖ-ਵੱਖ ਵਿਭਾਗਾਂ ਵਿੱਚ ਬੈਕਲਾਗ ਵਜੋਂ ਸਿੱਧੀ ਭਰਤੀ ਦੀਆਂ 1754 ਅਸਾਮੀਆਂ ਅਤੇ ਤਰੱਕੀ ਦੀਆਂ 556 ਅਸਾਮੀਆਂ ਦੀ ਪਛਾਣ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਇਨ੍ਹਾਂ ਖ਼ਾਲੀ ਅਸਾਮੀਆਂ ਨੂੰ ਜਲਦੀ ਤੋਂ ਜਲਦੀ ਭਰਨ ਦੀ ਪ੍ਰਕਿਰਿਆ ਤੇਜ਼ ਕਰਨ ਦੇ ਹੁਕਮ ਦਿੱਤੇ ਹਨ।

ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਦਿਵਿਆਂਗ ਵਿਅਕਤੀ ਸਮਾਜ ਦੇ ਅਸਲੀ ਨਾਇਕ ਹੁੰਦੇ ਹਨ ਕਿਉਂਕਿ ਉਹ ਬਹੁਤ ਸਾਰੀਆਂ ਔਕੜਾਂ ਦੇ ਬਾਵਜੂਦ ਜ਼ਿੰਦਗੀ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਂਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਸਖ਼ਤ ਉਪਰਾਲੇ ਕਰ ਰਹੀ ਹੈ ਕਿ ਅਜਿਹੇ ਸਾਰੇ ਲੋਕ ਇੱਜ਼ਤ-ਮਾਣ ਨਾਲ ਜੀਵਨ ਬਤੀਤ ਕਰਨ। ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਦਿਵਿਆਂਗ ਵਿਅਕਤੀਆਂ ਦੇ ਸਰਵਪੱਖੀ ਵਿਕਾਸ ਲਈ ਕਈ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਸੂਬਾ ਸਰਕਾਰ ਨੇ ਨੇਤਰਹੀਣਾਂ ਦੇ ਆਸ਼ਿਰਤਾਂ ਨੂੰ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਦਿੱਤੀ ਹੈ ਅਤੇ ਇਸ ਸਬੰਧੀ ਜਲਦੀ ਹੀ ਨੋਟੀਫ਼ਿਕੇਸ਼ਨ ਜਾਰੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਰੋਡਵੇਜ਼ ਤੇ ਪੀ.ਆਰ.ਟੀ.ਸੀ. ਬੱਸਾਂ ਦੇ ਕਿਰਾਏ ਵਿੱਚ ਦਿਵਿਆਂਗ ਵਿਅਕਤੀਆਂ ਨੂੰ 50 ਫ਼ੀਸਦੀ ਰਿਆਇਤ ਦਿੱਤੀ ਗਈ ਹੈ ਅਤੇ 2023-24 ਦੌਰਾਨ 7.5 ਲੱਖ ਯਾਤਰੀਆਂ ਨੂੰ ਲਾਭ ਦੇ ਕੇ 2.19 ਕਰੋੜ ਰੁਪਏ ਖ਼ਰਚੇ ਗਏ ਹਨ। ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਸੂਬਾ ਸਰਕਾਰ ਨੇ 2.65 ਲੱਖ ਦਿਵਿਆਂਗ ਵਿਅਕਤੀਆਂ ਨੂੰ ਸਟੇਟ ਪੈਨਸ਼ਨ ਸਕੀਮ ਅਧੀਨ ਕਵਰ ਕੀਤਾ ਹੈ ਅਤੇ 2024-25 ਦੌਰਾਨ ਲਾਭਪਾਤਰੀਆਂ ਨੂੰ 278.17 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦਿਵਿਆਂਗ ਬੱਚਿਆਂ ਵਿੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ 12607 ਲਾਭਪਾਤਰੀਆਂ ਨੂੰ 3.37 ਕਰੋੜ ਰੁਪਏ ਦੀ ਰਾਸ਼ੀ ਵਜ਼ੀਫ਼ੇ ਵਜੋਂ ਅਦਾ ਕੀਤੀ ਜਾ ਚੁੱਕੀ ਹੈ।

# ਸਤਨਾਮ ਸਿੰਘ ਗਿੱਲ ਜਨਤਾ ਦਲ (ਯੂ) ਦੇ ਜਨਰਲ ਸਕੱਤਰ ਪੰਜਾਬ ਬਣੇ

## ਪੰਜਾਬ 'ਚ ਸੰਗਠਨ ਨੂੰ ਮਜਬੂਤ ਕਰਨ ਲਈ ਦਿੱਤੀ ਗਈ ਅਹਿਮ ਜ਼ਿੰਮੇਵਾਰੀ : ਬੈਨੀਪਾਲ



**ਚੌਕ ਮਹਿਤਾ, 11 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੇਂਦਰ ਚ ਰਾਜ ਕਰਦੀ ਐਨਡੀਏ ਚ ਭਾਈਵਾਲ ਰਾਜਸੀ ਧਿਰ ਜਨਤਾ ਦਲ (ਯੂਨਾਈਟਿਡ) ਦੇ ਸੂਬਾਈ ਕਨਵੀਅਨਰ ਸ੍ਰ ਭੁਪਿੰਦਰ ਸਿੰਘ ਬੈਨੀਪਾਲ ਅਤੇ ਪਾਰਟੀ ਦੇ ਸੀਨੀਅਰ ਲੀਡਰ ਸ਼੍ਰ ਅਵਤਾਰ ਸਿੰਘ ਢਿਲੋਂ ਨੇ ਦੱਸਿਆ ਕਿ ਪੰਜਾਬ ਚ ਜਨਤਾ ਦਲ (ਯੂ) ਨੂੰ ਰਾਜਸੀ ਜ਼ਮਾਤ ਵਜੋਂ ਵਿਕਸਤ ਕਰਨ ਲਈ ਜ਼ਮੀਨੀ ਪੱਧਰ ਤੇ ਯਤਨ ਸ਼ੁਰੂ ਕਰ ਦਿੱਤੇ ਗਏ ਹਨ। ਸ੍ਰੀ ਬੈਨੀਪਾਲ ਅਤੇ ਸ੍ਰ ਢਿਲੋਂ ਨੇ ਦੱਸਿਆ ਕਿ ਪਾਰਟੀ ਦੇ ਜਥੇਬੰਦਕ ਢਾਂਚੇ ਚ ਵਾਧਾ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਉਨ੍ਹਾ ਨੇ ਦੱਸਿਆ ਕਿ ਸਿਆਸੀ ਅਤੇ ਸਮਾਜਿਕ ਹਲਕਿਆਂ ਚ ਚੰਗੀਂ ਪਕੜ੍ਹ ਰੱਖਣ ਵਾਲੇ ਸ੍ਰ ਸਤਨਾਮ ਸਿੰਘ ਗਿੱਲ ਜਿੰਨ੍ਹਾ ਨੂੰ ਜਨਤਾ ਦਲ (ਯੂ) ਤਰਫੋਂ ਸਿਆਸੀ ਸਕਰੀਨ ਤੇ ਲਿਆਉਂਦਿਆਂ ਪੰਜਾਬ ਦਾ ਜਨਰਲ ਸਕੱਤਰ ਬਣਾ ਦਿੱਤਾ ਗਿਆ ਹੈ। ਉਨ੍ਹਾ ਨੇ ਦੱਸਿਆ ਕਿ ਜਨਰਲ ਸਕੱਤਰ ਪੰਜਾਬ ਦੇ ਨਾਲ ਨਾਲ ਪੰਜਾਬ ਦੀ ਕੋਰ ਕਮੇਟੀ ਦੇ ਮੈਂਬਰ ਲੈਂਦਿਆਂ ਅਤੇ ਹਲਕਾ ਬਾਬਾ ਬਕਾਲਾ ਦੇ ਇੰਚਾਰਜ਼ ਦੀ ਜ਼ਿੰਮੇਵਾਰੀ ਵੀ ਸੌਂਪ ਦਿੱਤੀ ਗਈ ਹੈ ਉਨ੍ਹਾ ਨੇ ਕਿਹਾ ਕਿ ਅੱਜ ਤੋਂ ਸ੍ਰ ਸਤਨਾਮ ਸਿੰਘ ਗਿੱਲ ਪੰਜਾਬ ਦੀ ਸਿਆਸਤ ਚ ਜਨਤਾ ਦਲ ਯੂਨਾਈਟਿਡ ਦੇ ਨੇਤਾ ਵਜੋਂ ਵਿਚਰਨਗੇ। ਉਨ੍ਹਾ ਨੇ ਕਿਹਾ ਕਿ ਜਨਰਲ ਸਕੱਤਰ ਪੰਜਾਬ ਬਣਨ ਤੋਂ ਬਾਅਦ ਸ੍ਰ ਸਤਨਾਮ ਸਿੰਘ ਗਿੱਲ ਪਾਰਟੀ ਦਾ ਕੇਡਰ ਤਿਆਰ ਕਰਨ ਦੇ ਨਾਲ ਪਹਿਲਾਂ ਵਾਂਗ ਪੰਜਾਬ ਦੇ ਮੁੱਦਿਆਂ ਤੇ ਹੋਰ ਸਖਤੀ ਤੇ ਜ਼ਿੰਮੇਵਾਰੀ ਨਾਲ ਪਹਿਰਾ ਦੇਣਗੇ।

# ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਵਿਖੇ ਸਲਾਨਾ ਖੇਡ ਸਮਾਗਮ ਦਾ ਆਯੋਜਨ



**ਚੌਕ ਮਹਿਤਾ, 11 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮਹਿਤਾ ਚੌਂਕ ਵਿਖੇ ਚਾਰ-ਰੋਜ਼ਾ ਖੇਡ ਸਮਾਗਮ ਅਤੇ ਇਨਾਮ ਵੰਡ ਸਮਾਰੋਹ ਕਰਵਾਏ ਗਏ। ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵਿਛੋੜੇ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਕਰਵਾਏ ਜਾ ਰਹੇ ਹਨ।ਇਸ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀ ਵੱਧ-ਚੜ੍ਹ ਕੇ ਹਿੱਸਾ ਲੈ ਰਹੇ ਹਨ ਅਤੇ ਦਸ਼ਮੇਸ਼ ਪਿਤਾ ਦੇ ਪਰਿਵਾਰ ਦੀਆਂ ਖੁਸ਼ੀਆਂ ਪ੍ਰਾਪਤ ਕਰ ਰਹੇ ਹਨ।ਅੱਜ ਦੇ ਇਸ ਸਮਾਗਮ ਵਿੱਚ ਹਾਕੀ ਓਲੰਪੀਅਨ ਸ.ਜਰਮਨਪ੍ਰੀਤ ਸਿੰਘ ਅਤੇ ਸ.ਦਿਲਪ੍ਰੀਤ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਉਨ੍ਹਾਂ ਵੱਲੋਂ ਇਸ ਮੌਕੇ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ।ਅੱਜ ਦੇ ਸਮਾਗਮ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਪ੍ਰਤੀਯੋਗਤਾਵਾਂ ਵਿੱਚ ਭਾਗ ਲਿਆ ਅਤੇ ਆਪਣੇ ਜ਼ਜ਼ਿਬਆਂ ਨੂੰ ਨਵੀਂ ਹਵਾ ਦਿੱਤੀ। ਵਿਦਿਆਰਥੀਆਂ ਨੇ ਜੂਨੀਅਰ ,ਸੀਨੀਅਰ 100ਮੀਟਰ,ਸੀਨੀਅਰ ਬੁਆਇਜ ,200 ਮੀਟਰ, ਜੂਨੀਅਰ,ਸੀਨੀਅਰ ਵਿੰਗ ਬੁਆਇਜ ਨੇ ਰੱਸਾ-ਕੱਸੀ ਵਿੱਚ ਭਾਗ ਲਿਆ।ਸੀਨੀਅਰ,ਜੂਨੀਅਰ ਲੈਮਨ ਰੇਸ ਦੇ ਮੁਕਾਬਲੇ ਕਰਵਾਏ ਗਏ।

ਇਸ ਸੰਸਥਾ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਖੇਡ ਸਮਾਗਮ ਦੀ ਆਰੰਭਤਾ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਪ੍ਰੇਰਨਾ ਦਿੰਦਿਆਂ ਹੋਇਆ ਕਿਹਾ ਕਿ ਇਸ ਚਾਰ ਰੋਜ਼ਾ ਖੇਡ ਸਮਾਗਮ ਦੇ ਵਿੱਚ ਹਰ ਬੱਚਾ ਉਤਸ਼ਾਹ ਦੇ ਨਾਲ ਹਰ ਪ੍ਰਤੀਯੋਗਿਤਾ ਦੇ ਵਿੱਚ ਭਾਗ ਲਵੇ ਅਤੇ ਖੇਡਾਂ ਦੇ ਮਹੱਤਵ ਨੂੰ ਸਮਝੇ ।ਇਸ ਤੋਂ ਇਲਾਵਾ ਸੰਸਥਾ ਦੇ ਮੈਨੇਜਰ ਸ. ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਉਹਨਾਂ ਨੂੰ ਵਿਸ਼ੇਸ਼ ਸਨਮਾਨ ਦਿੰਦਿਆਂ ਹੋਇਆ ਧੰਨਵਾਦ ਕੀਤਾ ਅਤੇ ਉਹਨਾਂ ਦੇ ਸਨਮਾਨ ਵਿੱਚ ਕਿਹਾ ਕਿ ਇਹਨਾਂ ਸ਼ਖਸ਼ੀਅਤਾਂ ਦੀ ਤਰ੍ਹਾਂ ਹੀ ਅਸੀਂ ਵੀ ਚਾਹੁੰਦੇ ਹਾਂ ਕਿ ਸਾਡੇ ਬੱਚੇ ਵੀ ਆਪ ਜੀ ਤੋਂ ਪ੍ਰੇਰਨਾ ਲੈ ਕੇ ਅੱਗੇ ਵਧਣ,ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰਾਂ ਉੱਤੇ ਜਾ ਕੇ ਸੰਸਥਾ ਦਾ,ਸੂਬੇ ਦਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਨ।ਹਾਕੀ ਓਲੰਪੀਅਨ ਸ.ਜਰਮਨਜੀਤ ਸਿੰਘ ਜੀ ਅਤੇ ਸ.ਦਿਲਪ੍ਰੀਤ ਸਿੰਘ ਜੀ ਦੇ ਵਿਸ਼ੇਸ਼ ਸਨਮਾਨ ਮੌਕੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ, ਮੈਨੇਜਰ ਸ: ਹਰਸ਼ਦੀਪ ਸਿੰਘ ਰੰਧਾਵਾ,ਪ੍ਰਿੰ.ਜਤਿੰਦਰ ਸ਼ਰਮਾ ,ਸ.ਗੁਰਦੀਪ ਸਿੰਘ ਜਲਾਲ ਉਸਮਾ ,ਪ੍ਰਿੰ.ਮੈਡਮ ਗੁਰਬੀਰ ਕੌਰ, ਸ.ਅਨੂਜੀਤ ਸਿੰਘ ਵਾਲੀਆਂ,ਸ.ਮਨਪ੍ਰੀਤ ਸਿੰਘ ਟੱਕਰ,ਮੈ.ਹਰਪ੍ਰੀਤ ਕੌਰ,ਪ੍ਰਿੰ. ਮਨਦੀਪ ਸਿੰਘ,ਸ਼੍ਰੀ ਅਜੇ ਗਾਂਧੀ ਜੀ ਸਰਪੰਚ ਮਹਿਤਾ ਚੌਂਕ,ਕੈਪਟਨ ਜੋਗਿੰਦਰ ਸਿੰਘ ਤੇ ਹੋਰ ਨਾਮੀ ਸ਼ਖਸ਼ੀਅਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

20,000 ਰੁਪਏ ਰਿਸ਼ਵਤ ਲੈਂਦਾ

# ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ



**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 11 ਦਸੰਬਰ (ਕੁਲਜੀਤ ਸਿੰਘ ਖੋਖਰ)**- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਅੱਜ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਕਿਲ੍ਹਾ ਲਾਲ ਸਿੰਘ ਵਿਖੇ ਤਾਇਨਾਤ ਪਟਵਾਰੀ ਸੁਰਜੀਤ ਸਿੰਘ ਨੂੰ 20000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਗੁਰਦਾਸਪੁਰ ਦੇ ਪਿੰਡ ਕਿਲ੍ਹਾ ਲਾਲ ਸਿੰਘ ਵਾਸੀ ਵਰਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਹਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਸਦੀ ਜ਼ਮੀਨ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐਨ.ਐਚ.ਏ.ਆਈ.) ਦੁਆਰਾ ਐਕਸਪ੍ਰੈਸ ਵੇਅ ਦੇ ਨਿਰਮਾਣ ਲਈ ਐਕੁਆਇਰ ਕੀਤੀ ਸੀ ਅਤੇ ਮੁਲਜ਼ਮ ਪਟਵਾਰੀ ਨੇ ਉਸਦੇ ਹੱਕ ਵਿੱਚ ਜ਼ਮੀਨ ਵਿੱਚ ਤਿੰਨ ਬੋਰਵੈੱਲ ਹੋਣ ਸਬੰਧੀ ਰਿਪੋਰਟ ਦੇਣ ਬਦਲੇ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਕਾਰਵਾਈ ਜਾਰੀ ਹੈ।

## ਬੰਗਲਾਦੇਸ਼ ਅੰਦਰ ਘੱਟ ਗਿਣਤੀਆਂ 'ਤੇ ਹੋ ਰਹੇ ਹਮਲੇ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ: ਪਰਮਜੀਤ ਸਿੰਘ ਪੰਮਾ



ਨਵੀਂ ਦਿੱਲੀ, 11 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): ਬੰਗਲਾਦੇਸ਼ ਵਿੱਚ ਹਿੰਦੂਆਂ 'ਤੇ ਵੱਧ ਰਹੇ ਹਮਲਿਆਂ 'ਤੇ ਨੈਸ਼ਨਲ ਅਕਾਲੀ ਦਲ ਦੇ ਕੌਮੀ ਪ੍ਰਧਾਨ ਸ. ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਬੰਗਲਾਦੇਸ਼ 'ਚ ਹਿੰਦੂਆਂ ਨੂੰ ਇਕ ਸਾਜ਼ਿਸ਼ ਤਹਿਤ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਇਹ ਸਭ ਪਾਕਿਸਤਾਨ ਅਤੇ ਆਈਐਸਆਈ ਦੇ ਇਸ਼ਾਰੇ 'ਤੇ ਹੋ ਰਿਹਾ ਹੈ । ਸ. ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਜਿਸ ਤਰ੍ਹਾਂ ਬੰਗਲਾਦੇਸ਼ ਵਿੱਚ ਹਿੰਦੂਆਂ 'ਤੇ ਅੱਤਿਆਚਾਰ ਵੱਧ ਰਹੇ ਹਨ, ਮੰਦਰਾਂ ਨੂੰ ਢਾਹਿਆ ਜਾ ਰਿਹਾ ਹੈ ਅਤੇ ਕਤਲ ਹੋ ਰਹੇ ਹਨ, ਬੰਗਲਾਦੇਸ਼ ਵਿਰੁੱਧ ਕੌਮਾਂਤਰੀ ਪੱਧਰ 'ਤੇ ਕਾਰਵਾਈ ਹੋਣੀ ਚਾਹੀਦੀ ਹੈ । ਸ. ਪੰਮਾ ਨੇ ਕਿਹਾ ਕਿ ਜਲਦੀ ਹੀ ਨੈਸ਼ਨਲ ਅਕਾਲੀ ਦਲ ਬੰਗਲਾਦੇਸ਼ ਸਫ਼ਾਰਤਖ਼ਾਨੇ ਦੇ ਬਾਹਰ ਧਰਨਾ ਦੇ ਕੇ ਆਪਣੇ ਰੋਸ ਦਾ ਪ੍ਰਗਟਾਵਾ ਕਰੇਗਾ ਸ. ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਇਹ ਬਹੁਤ ਦੁੱਖ ਭਰੀ ਗੱਲ ਹੈ ਕਿ ਮੌਜੂਦਾ ਬੰਗਲਾਦੇਸ਼ ਸਰਕਾਰ ਅਤੇ ਹੋਰ ਏਜੰਸੀਆਂ ਇਨ੍ਹਾਂ ਨੂੰ ਰੋਕਣ ਦੀ ਬਜਾਏ ਸਿਰਫ਼ ਮੂਕ ਦਰਸ਼ਕ ਬਣੀਆਂ ਹੋਈਆਂ ਹਨ ਅਜਿਹਾ ਲੱਗਦਾ ਹੈ ਕਿ ਇਹ ਕੰਮ ਕਿਸੇ ਸਾਜ਼ਿਸ਼ ਦੇ ਹਿੱਸੇ ਵੱਜੋਂ ਕੀਤਾ ਜਾ ਰਿਹਾ ਹੈ । ਇਸੇ ਤਰ੍ਹਾਂ ਪਾਕਿਸਤਾਨ ਵਿਚ ਵੀ ਘੱਟ ਗਿਣਤੀਆਂ 'ਤੇ ਅੱਤਿਆਚਾਰ ਅਤੇ ਉਨ੍ਹਾਂ ਦੇ ਧਾਰਮਿਕ ਸਥਾਨਾਂ 'ਤੇ ਹਮਲੇ ਹੋਏ ਹਨ ਅਤੇ ਇੱਥੇ ਵੀ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ।

ਯਾਦਗਾਰੀ ਹੋ ਨਿੱਬੜੀ ਪੈਰਾਡਾਈਸ ਪਬਲਿਕ ਸਕੂਲ ਸੀਂਗੋ ਦੀ ਐਥਲੈਟਿਕ ਮੀਟ

# ਜੇਤੂ ਵਿਦਿਆਰਥੀਆਂ ਦਾ ਮੈਡਲਾਂ ਅਤੇ ਟਰਾਫੀਆਂ ਨਾਲ ਵਧਾਇਆ ਮਾਣ




ਤਲਵੰਡੀ ਸਾਬੋ, 10 ਦਸੰਬਰ (ਗੁਰਜੰਟ ਸਿੰਘ ਨਥੇਹਾ)- ਇਲਾਕੇ ਦੇ ਨਾਮੀ ਸਕੂਲ ਪੈਰਾਡਾਈਸ ਪਬਲਿਕ ਸਕੂਲ ਸੀਂਗੋ ਨੇ ਆਪਣੀ ਸਾਲਾਨਾ ਅਥਲੈਟਿਕ ਮੀਟ ਕਰਵਾਈ। ਸ਼ੁਰੂ ਵਿੱਚ ਸਮੂਹ ਵਿਦਿਆਰਥੀਆਂ ਨੇ ਇੱਕ ਮਾਰਚ ਪਾਸਟ ਰਾਹੀਂ ਮੰਚ ਨੂੰ ਸਲਾਮੀ ਦਿੱਤੀ। ਖੇਡਾਂ ਦਾ ਆਰੰਭ ਸਮੂਹ ਸਟਾਫ ਨੇ ਗੁਬਾਰੇ ਉਡਾਕੇ ਕੀਤਾ ਜਿਸ ਵਿੱਚ ਐਥਲੈਟਿਕ ਈਵੈਂਟ ਜਿਵੇਂ ਕਿ ਸਰਪਟ ਦੌੜਾਂ, ਸ਼ਾਟ-ਪੁੱਟ, ਲੌਂਗ ਜੰਪ ਤੋਂ ਇਲਾਵਾ ਸਲੋਅ ਸਾਈਕਲਿੰਗ, ਮਟਕਾ ਰੇਸ ਅਤੇ ਹੋਰ ਮਨੋਰੰਜਕ ਖੇਡਾਂ ਸ਼ਾਮਿਲ ਸਨ। ਇਹ ਉਕਤ ਜਾਣਕਾਰੀ ਅੱਜ ਇੱਥੇ ਸਕੂਲ ਦੇ ਵਿਹੜੇ ਵਿੱਚ ਪ੍ਰੈਸ ਕਾਨਫਰੰਸ ਕਰਦਿਆਂ ਸਕੂਲ ਪ੍ਰਿੰਸੀਪਲ ਸ੍ਰ. ਗੁਰਪ੍ਰੀਤ ਸਿੰਘ ਸੀਂਗੋ ਨੇ ਸਾਂਝੀ ਕਰਦਿਆਂ ਦੱਸਿਆ ਕਿ ਸਾਡੇ ਸਕੂਲ ਦੀ ਪ੍ਰਬੰਧਕੀ ਵੱਲੋਂ ਹਰ ਸਾਲ ਵਿਦਿਆਰਥੀਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਨੂੰ ਮੁੱਖ ਰੱਖਦਿਆਂ ਅਥਲੈਟਿਕ ਮੀਟ ਕਰਵਾਈ ਜਾਂਦੀ ਹੈ ਅਤੇ ਇਸ ਸਾਲ ਵਿਦਿਅਕ ਵਰ੍ਹੇ ਵੀ ਅਥਲੈਟਿਕ ਮੀਟ ਦਾ ਅਯੋਜਨ ਲਗਾਤਾਰ ਦੋ ਦਿਨ ਕੀਤਾ ਗਿਆ। ਇਹਨਾਂ ਖੇਡਾਂ ਵਿੱਚ ਵਿਦਿਆਰਥੀਆਂ ਵਿੱਚ ਅੰਤਰ ਹਾਊਸ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਲਾਲਾ ਲਾਜਪਤ ਰਾਏ ਹਾਊਸ, ਸ੍ਰ. ਕਰਤਾਰ ਸਿੰਘ ਸਰਾਭਾ ਹਾਊਸ, ਸ੍ਰ. ਊਧਮ ਸਿੰਘ ਹਾਊਸ ਅਤੇ ਸ੍ਰ. ਭਗਤ ਸਿੰਘ ਹਾਊਸ ਸ਼ਾਮਿਲ ਸਨ ਇਹਨਾਂ ਖੇਡਾਂ ਦੌਰਾਨ ਸ੍ਰ. ਕਰਤਾਰ ਸਿੰਘ ਹਾਊਸ ਆਲ-ਓਵਰ ਵਿਜੇਤਾ ਰਿਹਾ। ਲਗਾਤਾਰ ਪਹਿਲਾ ਦੂਸਰਾ ਅਤੇ ਤੀਸਰਾ ਸਥਾਨ ਹਾਸਿਲ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਗੋਲਡ, ਸਿਲਵਰ ਅਤੇ ਕਾਂਸੇ ਦਾ ਤਮਗੇ ਦੇਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਵਿਜੇਤਾ ਹਾਊਸ ਇੰਚਾਰ ਹਰੀਪ ਕੌਰ ਕੋ-ਇੰਚਾਰਜ ਰਮਨਪ੍ਰੀਤ ਕੌਰ, ਮਨਪ੍ਰੀਤ ਕੌਰ ਗੁਰੂਸਰ ਅਤੇ ਸਮੂਹ ਹਾਊਸ ਵਿਦਿਆਰਥੀਆਂ ਨੂੰ ਓਵਰ-ਆਲ ਟਰਾਫੀ ਦੇਕੇ ਸਨਮਾਨਤ ਕੀਤਾ ਗਿਆ। ਸਕੂਲ ਵਲੰਟੀਅਰਾਂ ਨੂੰ ਵੀ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਸਮੇਂ ਸਮੂਹ ਸਟਾਫ ਅਤੇ ਨਾਨ ਟੀਚਿੰਗ ਸਟਾਫ ਦਾ ਉਹਨਾਂ ਦੀਆਂ ਚੰਗੀਆਂ ਸੇਵਾਵਾਂ ਬਦਲੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਪ੍ਰਬੰਧਕੀ ਕਮੇਟੀ ਪ੍ਰਧਾਨ ਡਾ. ਜੋਗਿੰਦਰ ਸਿੰਘ ਮੈਨੇਜਮੈਂਟ ਨਿਰਮਲ ਸਿੰਘ ਨੰਗਲਾ, ਗੁਰਪ੍ਰੀਤ ਸਿੰਘ ਭਾਕਰ, ਅਧਿਆਪਕ ਬੀਰਬਲ ਸਿੰਘ ਜਗਜੀਤ ਸਿੰਘ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਵੀਰਪਾਲ ਕੌਰ ਅਤੇ ਸਮੂਹ ਸਟਾਫ ਹਾਜਰ ਸਨ।

## ਗੁਰੂ ਰਾਮ ਰਾਏ ਸਕੂਲ ਚੋ ਨਵੇਂ ਬਣੇ ਰਸਤੇ ਦਾ ਉਦਘਾਟਨ ਪ੍ਰਵਾਸੀ ਗੁਰਦਿਆਲ ਬਾਬਾ ਬੈਲਜੀਅਮ,ਸੋਮ ਥਿੰਦ ਯੂ. ਕੇ. ਤੇ ਜੀਤ ਬਾਬਾ ਬੈਲਜੀਅਮ ਹੋਰਾਂ ਕੀਤਾ ਉਦਘਾਟਨ

ਉੱਘੇ ਲੋਕ ਗਾਇਕ ਬੂਟਾ ਮੁਹੰਮਦ ਨੇ ਆਪਣੀ ਦਾ ਗਾਇਕੀ ਦਾ ਲੋਹਾ ਮਨਵਾਇਆ



**ਬੰਗਾ, 11 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਗੁਰੂ ਰਾਮ ਰਾਏ ਪਬਲਿਕ ਸਕੂਲ ਖਾਨਪੁਰ ਨਵਾਂਸ਼ਹਿਰ ਵਿਖੇ ਮੁੱਖ ਗੇਟ ਤੋਂ ਐਡਮਿਨ ਬਲਾਕ ਤੱਕ ਬਣੇ ਨਵੇਂ ਰਸਤੇ ਦਾ ਉਦਘਾਟਨ ਪ੍ਰਵਾਸੀ ਗੁਰਦਿਆਲ ਬਾਬਾ ਬੈਲਜੀਅਮ,ਜੀਤ ਬਾਬਾ ਬੈਲਜੀਅਮ ਤੇ ਸੋਮ ਥਿੰਦ ਯੂਕੇ ਟੀ 3 ਰਿਕਾਰਡਜ਼ ਹੋਰਾਂ ਸਾਂਝੇ ਤੌਰ ਤੇ ਕੀਤਾ। ਇਹ ਤਿੰਨੋਂ ਪ੍ਰਵਾਸੀ, ਉੱਘੇ ਸਮਾਜ ਸੇਵੀ ਇੰਜੀ: ਨਰਿੰਦਰ ਬੰਗਾ ਦੀ ਪ੍ਰੇਰਨਾਂ ਸਦਕਾ ਹੁਣ ਤੱਕ ਸਕੂਲ ਨੂੰ ਤਿੰਨ ਲੱਖ ਦੇ ਕਰੀਬ ਦਾਨ ਕਰ ਚੁੱਕੇ ਹਨ। ਪ੍ਰਿੰਸੀਪਲ ਏ ਕੇ ਰਤੂੜੀ ਨੇ ਸਮਾਜ ਸੇਵੀ ਤੇ ਖੇਡ ਪ੍ਰਮੋਟਰ ਜੀਤ ਬਾਬਾ ਬੈਲਜੀਅਮ ਤੇ ਸੋਮ ਥਿੰਦ ਯੂਕੇ ਹੋਰਾਂ ਵਲੋਂ ਹਰ ਸਾਲ ਦੀ ਤਰਾਂ ਸਕੂਲ ਨੂੰ ਖੁੱਲ੍ਹੇ ਦਿਲ ਨਾਲ ਦਾਨ ਕਰਨ ਲਈ ਰੱਜ ਕੇ ਸ਼ਲਾਘਾ ਕਰਦਿਆਂ ਸਭਨਾਂ ਨੂੰ ਜੀ ਆਖ ਸਕੂਲ ਦੀਆਂ ਉਪਲੱਬਧੀਆਂ ਵਾਰੇ ਦੱਸਿਆ। ਸ਼੍ਰੀ ਹਰਮੇਸ਼ ਬੰਗਾ ਰਿਟਾਇਰਡ ਬੈਂਕ ਮੈਨੇਜਰ ਨੇ ਦਾਨੀ ਸੱਜਣਾਂ ਦਾ ਸ਼ੁਕਰਾਨਾਂ ਕਰਦਿਆਂ ਸਭ ਪ੍ਰਵਾਸੀ ਭਰਾਵਾਂ ਨੂੰ ਪੰਜਾਬ ਤੇ ਪੰਜਾਬੀਅਤ ਦੀ ਸੇਵਾ ਕਰਨ ਲਈ ਅਪੀਲ ਕੀਤੀ। ਇੰਦਰੇਸ਼ ਕੀਰਤਨ ਮੰਡਲੀ ਵਲੋਂ ਗਾਇਕ ਰਾਜਾ ਸਾਬਰੀ , ਉੱਘੇ ਲੋਕ ਗਾਇਕ ਬੂਟਾ ਮੁਹੰਮਦ ਤੇ ਬੀਬਾ ਦੀਪ ਅਮਨ ਹੋਰਾਂ ਆਪੋ ਆਪਣੀ ਗਾਇਕੀ ਦਾ ਲੋਹਾ ਮਨਵਾਇਆ। ਇੰਜ: ਨਰਿੰਦਰ ਬੰਗਾ ਟੈਕਨੀਕਲ ਡਾਇਰੈਕਟਰ ਦੂਰਦਰਸ਼ਨ ਨੇ ਤਿੰਨਾਂ ਪ੍ਰਵਾਸੀਆਂ ਗੁਰਦਿਆਲ ਬਾਬਾ ਬੈਲਜੀਅਮ, ਸੋਮ ਥਿੰਦ ਯੂਕੇ ਤੇ ਜੀਤ ਬਾਬਾ ਬੈਲਜੀਅਮ ਹੋਰਾਂ ਦੇ ਪੰਜਾਬ ਤੇ ਯੋਰਪ ਚੋ ਸਮਾਜ ਸੇਵਾ ਕਰਨ ਤੇ ਖੇਡਾਂ ਨੂੰ ਪ੍ਰਫੁੱਲਿਤ ਕਰਨ ਦੇ ਵਿਸਥਾਰ ਸਾਹਿਤ ਕਸੀਦੇ ਪੜ੍ਹੇ। ਸਮਾਗਮ ਚੋ ਸੁਰਜੀਤ ਰੱਤੂ, ਸਰਪੰਚ ਤੀਰਥ ਰੱਤੂ, ਦਵਿੰਦਰ ਬੰਗਾ, ਪ੍ਰਤਾਪ ਸਿੰਘ ਬੰਗਾ, ਹੰਸ ਰਾਜ ਬੰਗਾ, ਜਗਨ ਨਾਥ, ਹਰਨਾਮ ਦਾਸ,ਸਰਪੰਚ ਅਵਤਾਰ ਕੌਰ, ਰੁਪਿੰਦਰ ਸਿੰਘ ਬਚੜਾ, ਨੰਬਰਦਾਰ ਬਲਵਿੰਦਰ ਸਿੰਘ ਕੂਕਾ, ਆਰ ਕੇ ਭਰਤਵਾਲ, ਮਾਸਟਰ ਸੁਰੇਸ਼ ਚੰਦਰ ਕਾਲਾ,ਰੇਸ਼ਮ ਕੌਰ, ਇੰਦਰਜੀਤ ਕੌਰ ਬੰਗਾ,ਊਸ਼ਾ ਰਾਣੀ, ਸਰਬਜੀਤ ਕੌਰ, ਚਮਨ ਲਾਲ ਬੰਗਾ ਤੇ ਸਮੂਹ ਸਟਾਫ਼ ਹਾਜ਼ਿਰ ਸੀ। ਆਏ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਦਾ ਸੰਚਾਲਨ ਰਾਜੇਸ਼ ਤਿਵਾੜੀ ਹੋਰਾਂ ਬਾਖੂਬੀ ਨਿਭਾਇਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243